Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY


# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ


Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 6 Chief Editor : Chowdhary Prabhjit Singh, Editor : Chhatarpal Singh 98145-32807, Sunday 14 June 2026 Price : 2 Rs. Page : 6

## ਕਟਾਰੀਆ ਵੱਲੋਂ ਕੇਂਦਰੀ ਵਜ਼ਾਰਤ ਨਾਲ ਮੁਲਾਕਾਤ

ਚੰਡੀਗੜ੍ਹ, 13 ਜੂਨ
-ਸ਼.ਅ.ਬਿਓਰੋ-

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਨਵੀਂ ਦਿੱਲੀ ਵਿੱਚ ਉਪ ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਅਤੇ ਵੱਖ-ਵੱਖ ਕੇਂਦਰੀ ਮੰਤਰੀਆਂ ਨਾਲ ਸ਼ਾਸਨ, ਸੱਭਿਆਚਾਰ, ਖੇਡਾਂ ਅਤੇ ਕਾਨੂੰਨੀ ਬੁਨਿਆਦੀ ਢਾਂਚੇ ਨਾਲ ਜੁੜੇ ਵਿਸ਼ਿਆਂ 'ਤੇ ਚਰਚਾ ਕੀਤੀ।

ਇਸ ਮਗਰੋਂ ਸ੍ਰੀ ਕਟਾਰੀਆ ਨੇ ਕੇਂਦਰੀ ਸੱਭਿਆਚਾਰ ਅਤੇ ਟੂਰਿਜ਼ਮ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨਾਲ ਮੁਲਾਕਾਤ ਕਰ ਕੇ ਭਾਰਤ ਸਰਕਾਰ ਦੇ ਸੱਭਿਆਚਾਰ ਮੰਤਰਾਲੇ ਦੀ ਮਿਊਜ਼ੀਅਮ ਗ੍ਰਾਂਟ ਸਕੀਮ ਤਹਿਤ ਗਵਰਨਮੈਂਟ ਮਿਊਜ਼ੀਅਮ ਐਂਡ ਆਰਟ ਗੈਲਰੀ, ਚੰਡੀਗੜ੍ਹ ਦੇ ਨਵੀਨੀਕਰਨ ਲਈ ਸਹਿਯੋਗ ਮੰਗਿਆ।ਇੱਕ ਹੋਰ ਮੀਟਿੰਗ ਵਿੱਚ ਸ੍ਰੀ ਕਟਾਰੀਆ ਨੇ ਕੇਂਦਰੀ ਯੁਵਾ ਮਾਮਲਿਆਂ ਅਤੇ ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨਾਲ ਮੁਲਾਕਾਤ ਕੀਤੀ ਅਤੇ ਚੰਡੀਗੜ੍ਹ ਵਿੱਚ ਏਸ਼ੀਅਨ ਰਿਲੇਅ ਚੈਂਪੀਅਨਸ਼ਿਪ-2027, 21ਵੀਂ ਏਸ਼ੀਅਨ ਰੋਲਰ ਸਕੇਟਿੰਗ ਚੈਂਪੀਅਨਸ਼ਿਪ-2027 ਅਤੇ ਨਵੰਬਰ 2026 ਵਿੱਚ ਪ੍ਰਸਤਾਵਿਤ ਦੂਜੇ ਅੰਤਰਰਾਸ਼ਟਰੀ ਚੰਡੀਗੜ੍ਹ ਮੈਰਾਥਨ ਜਿਹੇ ਪ੍ਰਮੁੱਖ ਕੌਮਾਂਤਰੀ ਖੇਡ ਸਮਾਗਮਾਂ ਦੀ ਮੇਜ਼ਬਾਨੀ ਨਾਲ ਸਬੰਧਿਤ ਚੰਡੀਗੜ੍ਹ ਦੇ ਪ੍ਰਸਤਾਵਾਂ 'ਤੇ ਚਰਚਾ ਕੀਤੀ।

ਉਨ੍ਹਾਂ ਨੇ ਸੈਕਟਰ-42 ਸਥਿਤ ਸਪੋਰਟਸ ਕੰਪਲੈਕਸ ਵਿਖੇ ਅਤਿ-ਆਧੁਨਿਕ ਅੰਤਰਰਾਸ਼ਟਰੀ ਬਹੁ-ਉਦੇਸ਼ੀ ਇਨਡੋਰ ਸਪੋਰਟਸ ਹਾਲ ਦੀ ਸਥਾਪਨਾ ਲਈ ਵੀ ਸਹਿਯੋਗ ਦੀ ਬੇਨਤੀ ਕੀਤੀ।

ਕੇਂਦਰੀ ਖੇਡ ਮੰਤਰੀ ਨੇ ਚੰਡੀਗੜ੍ਹ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ??ਕਰਨ ਅਤੇ ਖੇਡ ਉਤਕ੍ਰਿਸ਼ਟਤਾ ਨੂੰ ਹੁਲਾਰਾ ਦੇਣ ਲਈ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਕਟਾਰੀਆ ਨੇ ਪੰਜਾਬ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ??ਕਰਨ ਲਈ ਵੀ ਸਹਿਯੋਗ ਦੀ ਬੇਨਤੀ ਕੀਤੀ। ਕਟਾਰੀਆ ਨੇ ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨਾਲ ਵੱਖ-ਵੱਖ ਵਿਸ਼ਿਆਂ, ਖ਼ਾਸ ਕਰ ਕੇ ਉਦੈਪੁਰ ਬਾਰ ਐਸੋਸੀਏਸ਼ਨ ਦੁਆਰਾ ਉਠਾਈਆਂ ਗਈਆਂ ਮੰਗਾਂ 'ਤੇ ਚਰਚਾ ਕੀਤੀ।ਭਾਜਪਾ ਦੇ ਸੀਨੀਅਰ ਆਗੂ ਅਤੇ ਕੌਮੀ ਪਰਿਸ਼ਦ ਮੈਂਬਰ ਸੰਜੇ ਟੰਡਨ ਨੇ ਉਪ ਰਾਸ਼ਟਰਪਤੀ ਅਤੇ ਪੰਜਾਬ ਯੂਨੀਵਰਸਿਟੀ ਦੇ ਚਾਂਸਲਰ ਸੀ ਪੀ ਰਾਧਾਕ੍ਰਿਸ਼ਨਨ ਨਾਲ ਨਵੀਂ ਦਿੱਲੀ ਵਿੱਚ ਉਨ੍ਹਾਂ ਦੇ ਸਰਕਾਰੀ ਨਿਵਾਸ ਸਥਾਨ 'ਤੇ ਮੁਲਾਕਾਤ ਕੀਤੀ। ਉਨ੍ਹਾਂ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨਾਲ ਸਬੰਧਿਤ ਕਈ ਮਹੱਤਵਪੂਰਨ ਮੁੱਦਿਆਂ 'ਤੇ ਵਿਸਥਾਰਪੂਰਵਕ ਗੱਲਬਾਤ ਕੀਤੀ।



ਮੀਟਿੰਗ ਦੌਰਾਨ ਟੰਡਨ ਨੇ ਉਪ ਰਾਸ਼ਟਰਪਤੀ ਨੂੰ ਪੰਜਾਬ ਯੂਨੀਵਰਸਿਟੀ ਦੇ ਸਟਾਫ਼ ਅਤੇ ਫੈਕਲਟੀ ਮੈਂਬਰਾਂ ਦੀ ਸੇਵਾਮੁਕਤੀ ਦੀ ਉਮਰ 60 ਤੋਂ ਵਧਾ ਕੇ 65 ਸਾਲ ਕਰਨ ਸਬੰਧੀ ਲੰਮੇ ਸਮੇਂ ਤੋਂ ਲਟਕ ਰਹੇ ਮਾਮਲੇ ਤੋਂ ਜਾਣੂ ਕਰਵਾਇਆ। ਉਨ੍ਹਾਂ ਇਤਿਹਾਸਕ ਪਿਛੋਕੜ, ਮੌਜੂਦਾ ਪ੍ਰਬੰਧਾਂ ਅਤੇ ਇਸ ਮੁੱਦੇ ਬਾਰੇ ਯੂਨੀਵਰਸਿਟੀ ਸੈਨੇਟ ਦੁਆਰਾ ਪਹਿਲਾਂ ਪ੍ਰਵਾਨ ਕੀਤੀਆਂ ਗਈਆਂ ਸਿਫਾਰਸ਼ਾਂ ਵਾਲਾ ਵਿਸਥਾਰਤ ਡੋਜ਼ੀਅਰ ਵੀ ਸੌਂਪਿਆ। ਟੰਡਨ ਨੇ ਕਿਹਾ ਕਿ ਇਸ ਮਾਮਲੇ 'ਤੇ ਜਲਦੀ ਫ਼ੈਸਲਾ ਲੈਣ ਨਾਲ ਯੂਨੀਵਰਸਿਟੀ ਫੈਕਲਟੀ ਨੂੰ ਬਹੁਤ ਫਾਇਦਾ ਹੋਵੇਗਾ ਅਤੇ ਸੰਸਥਾ ਅੰਦਰ ਉਪਲਬਧ ਕੀਮਤੀ ਅਕਾਦਮਿਕ ਅਨੁਭਵ ਨੂੰ ਸੁਰੱਖਿਅਤ ਰੱਖਣ ਵਿੱਚ ਮਦਦ ਮਿਲੇਗੀ।

ਉਨ੍ਹਾਂ ਉਪ ਰਾਸ਼ਟਰਪਤੀ ਨੂੰ ਬੇਨਤੀ ਕੀਤੀ ਕਿ ਉਹ ਇਸ ਮਸਲੇ ਦੇ ਜਲਦੀ ਹੱਲ ਲਈ ਦਖ਼ਲ ਦੇਣ ਤਾਂ ਜੋ ਯੋਗ ਪ੍ਰੋਫੈਸਰ ਅਤੇ ਸਟਾਫ਼ ਮੈਂਬਰ ਜਲਦੀ ਇਸ ਦਾ ਲਾਹਾ ਲੈ ਸਕਣ। ਉਨ੍ਹਾਂ ਉਪ ਰਾਸ਼ਟਰਪਤੀ ਨੂੰ ਪੰਜਾਬ ਯੂਨੀਵਰਸਿਟੀ ਦਾ ਦੌਰਾ ਕਰਨ ਅਤੇ ਫੈਕਲਟੀ ਅਤੇ ਅਕਾਦਮਿਕ ਭਾਈਚਾਰੇ ਨਾਲ ਗੱਲਬਾਤ ਕਰਨ ਦਾ ਸੱਦਾ ਵੀ ਦਿੱਤਾ।

## ਮੁੜ ਸ਼ੁਰੂ ਹੋਵੇਗਾ ਅੰਦੋਲਨ; ਨਿਹੰਗ ਸਿੰਘਾਂ ਵੱਲੋਂ ਦਿੱਤੀ 10 ਦਿਨਾਂ ਦੀ ਮੋਹਲਤ

ਰੋਪੜ, 13 ਜੂਨ
- ਸ਼.ਅ.ਬਿਓਰੋ-

ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਬਾਹਰੀ ਵਾਹਨਾਂ 'ਤੇ ਲਗਾਏ ਗਏ 'ਐਂਟਰੀ ਟੈਕਸ' (ਪ੍ਰਵੇਸ਼ ਕਰ) ਖ਼ਿਲਾਫ਼ ਚੱਲ ਰਿਹਾ ਪ੍ਰਦਰਸ਼ਨ ਹੁਣ ਇੱਕ ਨਵੇਂ ਅਤੇ ਨਿਰਣਾਇਕ ਦੌਰ ਵਿੱਚ ਪ੍ਰਵੇਸ਼ ਕਰਨ ਜਾ ਰਿਹਾ ਹੈ। ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਸਰਕਾਰ ਨੂੰ ਦਿੱਤੀ ਗਈ 10 ਦਿਨਾਂ ਦੀ ਮੋਹਲਤ (ਅਲਟੀਮੇਟਮ) ਖ਼ਤਮ ਹੋਣ ਤੋਂ ਬਾਅਦ, ਨਿਹੰਗ ਸਿੰਘ ਅਤੇ ਸੰਘਰਸ਼ ਮੋਰਚੇ ਦੇ ਮੈਂਬਰ ਅਗਲੇਰੀ ਰਣਨੀਤੀ ਤੈਅ ਕਰਨ ਲਈ 15 ਜੂਨ ਨੂੰ ਇੱਕ ਅਹਿਮ ਮੀਟਿੰਗ ਕਰਨਗੇ। ਇਸ ਮਹੀਨੇ ਦੇ ਸ਼ੁਰੂ ਵਿੱਚ ਕੀਤੇ ਗਏ ਇੱਕ ਪ੍ਰਤੀਕਾਤਮਕ ਪ੍ਰਦਰਸ਼ਨ ਤੋਂ ਬਾਅਦ ਇਹ ਡੈੱਡਲਾਈਨ ਦਿੱਤੀ ਗਈ ਸੀ, ਜੋ 15 ਜੂਨ ਨੂੰ ਖ਼ਤਮ ਹੋ ਰਹੀ ਹੈ। ਅੰਦੋਲਨ ਨਾਲ ਜੁੜੇ ਸੂਤਰਾਂ ਦਾ ਕਹਿਣਾ ਹੈ ਕਿ ਜੇਕਰ ਦੋਵਾਂ ਸੂਬਿਆਂ ਦੀਆਂ ਸਰਕਾਰਾਂ ਵੱਲੋਂ ਇਸ ਮਸਲੇ ਦੇ ਹੱਲ ਲਈ ਕੋਈ ਠੋਸ ਕਦਮ ਨਾ ਉਠਾਏ ਗਏ, ਤਾਂ ਪੰਜਾਬ-ਹਿਮਾਚਲ ਸਰਹੱਦ ਦੇ ਵੱਖ-ਵੱਖ ਪੁਆਇੰਟਾਂ 'ਤੇ ਇਸ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਦੱਸਣਯੋਗ ਹੈ ਕਿ ਲੰਘੀ 3 ਜੂਨ ਨੂੰ ਇਹ ਅੰਦੋਲਨ ਉਸ ਵੇਲੇ ਸੁਰਖੀਆਂ ਵਿੱਚ ਆਇਆ ਸੀ, ਜਦੋਂ ਨਿਹੰਗ ਸਿੰਘਾਂ ਨੇ ਕਿਰਤਪੁਰ ਸਾਹਿਬ-ਮਨਾਲੀ ਹਾਈਵੇਅ 'ਤੇ ਹਿਮਾਚਲ ਪ੍ਰਦੇਸ਼ ਦੇ ਨੰਬਰਾਂ ਵਾਲੇ ਵਾਹਨਾਂ 'ਤੇ ਪ੍ਰਤੀਕਾਤਮਕ ਤੌਰ 'ਤੇ 'ਖਾਲਸਾ ਟੈਕਸ' ਲਗਾ ਦਿੱਤਾ ਸੀ। ਪ੍ਰਦਰਸ਼ਨਕਾਰੀਆਂ ਨੇ ਇਸ ਨੂੰ ਹਿਮਾਚਲ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਤੋਂ ਵਸੂਲੇ ਜਾ ਰਹੇ ਟੈਕਸ ਦਾ ਜਵਾਬ ਦੱਸਿਆ ਸੀ। ਇਸ ਦੌਰਾਨ ਹਿਮਾਚਲ ਦੇ ਵਾਹਨ ਮਾਲਕਾਂ ਨੂੰ ਆਪਣੀ ਮਰਜ਼ੀ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ ਸੀ।

ਪਰ ਹੁਣ ਅੰਦੋਲਨ ਦੀ ਅਗਵਾਈ ਕਰ ਰਹੇ ਆਗੂਆਂ ਨੇ ਸੰਕੇਤ ਦਿੱਤੇ ਹਨ ਕਿ ਅਗਲਾ ਪੜਾਅ ਸਿਰਫ਼ ਪ੍ਰਤੀਕਾਤਮਕ ਪ੍ਰਦਰਸ਼ਨਾਂ ਤੱਕ ਸੀਮਤ ਨਹੀਂ ਰਹੇਗਾ। ਸੂਤਰਾਂ ਅਨੁਸਾਰ ਸੰਘਰਸ਼ ਮੋਰਚੇ ਦੇ ਕੁਝ ਮੈਂਬਰ ਪੰਜਾਬ ਦੀ ਸੱਤਾਧਾਰੀ ਆਮ ਆਦਮੀ ਪਾਰਟੀ (11♦) ਦੇ ਆਗੂਆਂ ਖ਼ਿਲਾਫ਼ ਸਿੱਧੇ ਪ੍ਰਦਰਸ਼ਨ ਕਰਨ ਦੀ ਵਕਾਲਤ ਕਰ ਰਹੇ ਹਨ, ਕਿਉਂਕਿ ਉਨ੍ਹਾਂ ਦਾ ਮੰਨਣਾ ਹੈ ਕਿ ਪੰਜਾਬ ਸਰਕਾਰ ਇਸ ਮੁੱਦੇ 'ਤੇ ਜਨਤਾ ਦਾ ਸਾਥ ਦੇਣ ਵਿੱਚ ਨਾਕਾਮ ਰਹੀ ਹੈ।

ਸੰਘਰਸ਼ ਮੋਰਚੇ ਦੇ ਆਗੂ ਗੌਰਵ ਰਾਣਾ ਨੇ ਪੁਸ਼ਟੀ ਕੀਤੀ ਕਿ ਆਉਣ ਵਾਲੇ ਦਿਨਾਂ ਦੀ ਰਣਨੀਤੀ ਉਲੀਕਣ ਲਈ 15 ਜੂਨ ਨੂੰ ਜਥੇਬੰਦੀ ਦੀ ਮੀਟਿੰਗ ਸੱਦੀ ਗਈ ਹੈ। ਉਨ੍ਹਾਂ ਕਿਹਾ, ਕੁਝ ਆਗੂ ਸੱਤਾਧਾਰੀ ਪਾਰਟੀ ਦੇ ਲੀਡਰਾਂ ਨੂੰ ਘੇਰਨ ਦੀ ਤਜਵੀਜ਼ ਰੱਖ ਰਹੇ ਹਨ, ਪਰ ਆਖਰੀ ਫੈਸਲਾ 15 ਜੂਨ ਦੀ ਮੀਟਿੰਗ ਵਿੱਚ ਹੀ ਲਿਆ ਜਾਵੇਗਾ।

ਅੰਦੋਲਨ ਦੇ ਇੱਕ ਹੋਰ ਪ੍ਰਮੁੱਖ ਆਗੂ ਪਰਮਜੀਤ ਸਿੰਘ ਪੰਮਾ ਨੇ ਪੰਜਾਬ ਸਰਕਾਰ @ਤੇ ਤਿੱਖੇ ਹਮਲੇ ਕੀਤੇ। ਉਨ੍ਹਾਂ ਕਿਹਾ ਕਿ ਨੰਗਲ ਨਗਰ ਕੌਂਸਲ ਵੱਲੋਂ 9 ਜੂਨ 2025 ਨੂੰ ਹਿਮਾਚਲ ਦੇ ਵਾਹਨਾਂ 'ਤੇ ਵੀ ਬਰਾਬਰ ਟੈਕਸ ਲਗਾਉਣ ਦਾ ਇੱਕ ਮਤਾ ਪਾਸ ਕੀਤਾ ਗਿਆ ਸੀ, ਜੋ ਪਿਛਲੇ ਲਗਭਗ ਇੱਕ ਸਾਲ ਤੋਂ ਸਥਾਨਕ ਸਰਕਾਰਾਂ ਦੇ ਡਾਇਰੈਕਟੋਰੇਟ ਕੋਲ ਮਨਜ਼ੂਰੀ ਲਈ ਲਟਕ ਰਿਹਾ ਹੈ।

ਪੰਮਾ ਨੇ ਕਿਹਾ ਕਿ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਕੋਲ ਹੈ, ਜੋ ਖੁਦ ਇਸ ਅੰਦੋਲਨ ਦੇ ਕੇਂਦਰ ਬਿੰਦੂ 'ਅਨੰਦਪੁਰ ਸਾਹਿਬ' ਵਿਧਾਨ ਸਭਾ ਹਲਕੇ ਦੀ ਨੁਮਾਇੰਦਗੀ ਕਰਦੇ ਹਨ। ਉਨ੍ਹਾਂ ਮੰਗ ਕੀਤੀ ਕਿ ਮੰਤਰੀ ਨੂੰ ਇਸ ਮੁੱਦੇ 'ਤੇ ਆਪਣਾ ਸਟੈਂਡ ਸਪੱਸ਼ਟ ਕਰਨਾ ਚਾਹੀਦਾ ਹੈ।

ਇਸ ਦਾ ਜਵਾਬ ਦਿੰਦਿਆਂ ਪੰਜਾਬ ਦੇ ਸਿੱਖਿਆ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਮਾਮਲਾ ਸਰਕਾਰ ਦੇ ਵਿਚਾਰ ਅਧੀਨ ਹੈ। ਉਨ੍ਹਾਂ ਉਮੀਦ ਜਤਾਈ ਕਿ ਦੋਵਾਂ ਗੁਆਂਢੀ ਰਾਜਾਂ ਦਰਮਿਆਨ ਆਪਸੀ ਗੱਲਬਾਤ ਰਾਹੀਂ ਇਸ ਮਸਲੇ ਦਾ ਹੱਲ ਜਲਦ ਹੀ ਕੱਢ ਲਿਆ ਜਾਵੇਗਾ।ਦੂਜੇ ਪਾਸੇ ਰੂਪਨਗਰ ਤੋਂ 'ਆਪ' ਵਿਧਾਇਕ ਦਿਨੇਸ਼ ਚੱਢਾ ਨੇ ਵੀ ਆਪਣਾ ਪੱਖ ਰੱਖਦਿਆਂ ਕਿਹਾ ਕਿ ਉਹ ਲਗਾਤਾਰ ਹਿਮਾਚਲ ਦੇ ਐਂਟਰੀ ਟੈਕਸ ਖ਼ਿਲਾਫ਼ ਆਵਾਜ਼ ਚੁੱਕਦੇ ਆ ਰਹੇ ਹਨ ਅਤੇ ਇਸ ਮੁੱਦੇ ਨੂੰ ਪੰਜਾਬ ਵਿਧਾਨ ਸਭਾ ਵਿੱਚ ਵੀ ਉਠਾਇਆ ਗਿਆ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸਰਕਾਰ ਜਲਦੀ ਹੀ ਕੋਈ ਹੱਲ ਲੱਭ ਲਵੇਗੀ। ਜ਼ਿਕਰਯੋਗ ਹੈ ਕਿ ਅਨੰਦਪੁਰ ਸਾਹਿਬ-ਨੰਗਲ ਪੱਟੀ ਦੇ ਵਪਾਰੀ, ਟਰਾਂਸਪੋਰਟਰ ਅਤੇ ਆਮ ਲੋਕ ਇਸ ਟੈਕਸ ਕਾਰਨ ਪੈ ਰਹੇ ਆਰਥਿਕ ਬੋਝ ਤੋਂ ਬੇਹੱਦ ਪਰੇਸ਼ਾਨ ਹਨ।

## ਤਿੰਨ ਆਈ ਏ ਐੱਸ ਤੇ ਪੰਜ ਪੀ ਸੀ ਐੱਸ ਅਧਿਕਾਰੀਆਂ ਦਾ ਤਬਾਦਲਾ

ਚੰਡੀਗੜ੍ਹ, 13 ਜੂਨ
-ਸ਼.ਅ.ਬਿਓਰੋ-

ਪੰਜਾਬ ਸਰਕਾਰ ਨੇ ਅੱਜ ਪ੍ਰਸ਼ਾਸਨਿਕ ਫੇਰਬਦਲ ਕਰਦਿਆਂ ਸੂਬੇ ਵਿੱਚ 3 ਆਈ ਏ ਐੱਸ ਅਤੇ 5 ਪੀ ਸੀ ਐੱਸ ਅਧਿਕਾਰੀਆਂ ਦੇ ਤਬਾਦਲੇ ਕਰ ਦਿੱਤੇ ਹਨ।

ਇਹ ਆਦੇਸ਼ ਪੰਜਾਬ ਦੇ ਮੁੱਖ ਸਕੱਤਰ ਕੇ ਏ ਪੀ ਸਿਨਹਾ ਨੇ ਜਾਰੀ ਕੀਤੇ ਹਨ।ਮੁੱਖ ਸਕੱਤਰ ਵੱਲੋਂ ਜਾਰੀ ਆਦੇਸ਼ ਅਨੁਸਾਰ ਆਈ ਏ ਐੱਸ ਅਧਿਕਾਰੀ ਪਰਮਜੀਤ ਸਿੰਘ ਨੂੰ ਵਿਸ਼ੇਸ਼ ਸਕੱਤਰ ਜਲ ਸਰੋਤ ਵਿਭਾਗ, ਨੀਰੂ ਕਟਿਆਲ ਗੁਪਤਾ ਨੂੰ ਵਿਸ਼ੇਸ਼ ਸਕੱਤਰ ਆਮ ਰਾਜ ਪ੍ਰਬੰਧ ਤੇ ਤਾਲਮੇਲ ਵਿਭਾਗ ਅਤੇ ਓਜਸਵੀ ਨੂੰ ਨਗਰ ਨਿਗਮ ਕਮਿਸ਼ਨਰ ਲੁਧਿਆਣਾ ਲਗਾਇਆ ਗਿਆ ਹੈ।ਇਸੇ ਤਰ੍ਹਾਂ ਪੀ ਸੀ ਐੱਸ ਅਧਿਕਾਰੀ ਪੂਜਾ ਸਿਆਲ ਨੂੰ ਕਮਿਸ਼ਨਰ ਨਗਰ ਨਿਗਮ ਪਟਿਆਲਾ, ਅਮਰਬੀਰ ਕੌਰ ਭੁੱਲਰ ਨੂੰ ਵਧੀਕ ਡਿਪਟੀ ਕਮਿਸ਼ਨਰ ਫਤਿਹਗੜ੍ਹ ਸਾਹਿਬ, ਕਨੂੰ ਥਿੰਦ ਨੂੰ ਸੰਯੁਕਤ ਡਾਇਰੈਕਟਰ (ਪ੍ਰਸ਼ਾਸਨ) ਦਫ਼ਤਰ ਡਾਇਰੈਕਟਰ, ਉਦਯੋਗ ਤੇ ਵਣਜ ਅਤੇ ਮੈਂਬਰ ਸਕੱਤਰ ਪੰਜਾਬ ਰਾਜ ਖੁਰਾਕ ਕਮਿਸ਼ਨ ਅਤੇ ਵਧੀਕ ਮੈਨੇਜਿੰਗ ਡਾਇਰੈਕਟਰ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ, ਅਮਰਿੰਦਰ ਸਿੰਘ ਟਿਵਾਣਾ ਨੂੰ ਸਕੱਤਰ ਪੰਜਾਬ ਅਧੀਨ ਸੇਵਾਵਾਂ ਚੋਣ ਬੋਰਡ ਅਤੇ ਵਿਕਾਸ ਹੀਰਾ ਨੂੰ ਵਧੀਕ ਮੁੱਖ ਪ੍ਰਸ਼ਾਸਕ ਗਲਾਡਾ ਲਗਾਇਆ ਗਿਆ ਹੈ।

## ਹਰਪਾਲ ਜੁਨੇਜਾ ਰਾਸ਼ਟਰੀ ਗੌਰਵ ਪੁਰਸਕਾਰ ਨਾਲ ਸਨਮਾਨਿਤ




ਪਟਿਆਲਾ, 13 ਜੂਨ
-ਛਤਰਪਾਲ ਸਿੰਘ-

ਰਾਸ਼ਟਰੀਆ ਜਯੋਤੀ ਕਲਾ ਮੰਚ (ਰਜਿ.) ਵੱਲੋਂ ਡਾਇਰੈਕਟਰ ਰਾਕੇਸ਼ ਠਾਕੁਰ ਦੀ ਨਿਰਦੇਸ਼ਨਾ ਹੇਠ ਕਾਂਸਲ ਫਾਊਂਡੇਸ਼ਨ ਦੇ ਸਹਿਯੋਗ ਨਾਲ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਉੱਤੇ ਵਿਸ਼ੇਸ਼ ਤੌਰ @ਤੇ ਆਮ ਆਦਮੀ ਪਾਰਟੀ ਦੇ ਆਗੂ ਅਤੇ ਚੇਅਰਮੈਨ ਪੀਆਰਟੀਸੀ ਹਰਪਾਲ ਜੁਨੇਜਾ ਨੂੰ ਰਾਸ਼ਟਰੀਆ ਗੌਰਵ ਪੁਰਸਕਾਰ 2026 ਦੇਕੇ ਸਨਮਾਨਿਤ ਕੀਤਾ ਗਿਆ। ਹਰਪਾਲ ਜੁਨੇਜਾ ਨੂੰ ਇਹ ਸਨਮਾਨ ਸਮਾਜ ਸੇਵਾ ਦੇ ਖੇਤਰ ਅਤੇ ਸਿਆਸਤ ਵਿੱਚ ਪਾਏ ਯੋਗਦਾਨ ਲਈ ਦਿੱਤਾ ਗਿਆ ਹੈ।

ਸਮਾਗਮ ਵਿੱਚ ਭਗਵਾਨ ਦਾਸ ਜੁਨੇਜਾ ( ਗ੍ਰੀਨ ਮੈਨ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਦੌਰਾਨ ਰਾਜੀਵ ਗੋਇਲ ( ਸੋਸ਼ਲ ਵਰਕਰ), ਡਾਕਟਰ ਗੁਰਵਿੰਦਰ ਕਾਂਸਲ, ਮੰਚ ਦੇ ਚੇਅਰਮੈਨ ਸੰਜੇ ਗੋਇਲ, ਪੈਟਰਨ ਬੀਰ ਚੰਦ ਖੁਰਮੀ, ਸੀਨੀ. ਪ੍ਰੈਜ਼ੀਡੈਂਟ ਇੰਜ. ਨਰਿੰਦਰ ਸਿੰਘ, ਅਕਸ਼ੇ ਗੋਪਾਲ (ਪੈਟਰਨ), ਤ੍ਰਿਭਵਨ ਗੁਪਤਾ, ਧੀਰਜ ਗੋਇਲ, ਵਰਿੰਦਰ ਗਰਗ (ਏ ਵੀ ਮਾਰਕੀਟਿੰਗ), ਪਰਵੀਨ ਗੋਇਲ, ਹਰਿੰਦਰ ਗੁਪਤਾ ਅਤੇ ਡਾ. ਧਰਮਿੰਦਰ ਸੰਧੂ ਮੌਜੂਦ ਰਹੇ।

## ਨੇੜਲੇ ਮੈਡੀਕੋਜ਼ ਸਟੋਰ 'ਤੇ ਗੋਲੀਬਾਰੀ; ਕੈਸ਼ੀਅਰ ਦੀ ਮੌਤ

ਚੰਡੀਗੜ੍ਹ, 13 ਜੂਨ
-ਸ਼.ਅ.ਬਿਓਰੋ-

ਸਿਟੀ ਬਿਊਟੀਫੁੱਲ ਦੇ ਸੈਕਟਰ 11 ਸਥਿਤ ਉਘੇ ਮੈਡੀਕਲ ਸਟੋਰ 'ਸ੍ਰੀ ਕੁਮਾਰ ਮੈਡੀਕੋਜ਼' ਦੇ ਅੰਦਰ ਦਿਨ-ਦਿਹਾੜੇ ਹੋਈ ਗੋਲੀਬਾਰੀ ਦੀ ਘਟਨਾ ਨੇ ਪੂਰੇ ਇਲਾਕੇ ਵਿੱਚ ਸਨਸਨੀ ਫੈਲਾ ਦਿੱਤੀ ਹੈ। ਮਿਲੀ ਜਾਣਕਾਰੀ ਅਨੁਸਾਰ ਦੋ ਨਕਾਬਪੋਸ਼ ਹਮਲਾਵਰਾਂ ਨੇ ਦੁਕਾਨ ਦੇ ਅੰਦਰ ਵੜ ਕੇ ਕੈਸ਼ੀਅਰ 'ਤੇ ਆਟੋਮੈਟਿਕ ਹਥਿਆਰ ਨਾਲ ਤਾਬੜਤੋੜ ਕਈ ਰਾਊਂਡ ਫਾਇਰ ਕੀਤੇ। ਹਮਲੇ ਵਿੱਚ ਬੁਰੀ ਤਰ੍ਹਾਂ ਜ਼ਖ਼ਮੀ ਹੋਏ ਮੈਡੀਕਲ ਸਟੋਰ ਦੇ ਕੈਸ਼ੀਅਰ ਦੀ ਇਲਾਜ ਦੌਰਾਨ ਮੌਤ ਹੋ ਗਈ ਹੈ। ਮ੍ਰਿਤਕ ਦੀ ਪਛਾਣ ਜਾਨਕੀ ਵਜੋਂ ਹੋਈ ਹੈ, ਜੋ ਹਿਮਾਚਲ ਪ੍ਰਦੇਸ਼ ਦਾ ਰਹਿਣ ਵਾਲਾ ਸੀ ਅਤੇ ਉੱਥੇ ਸਰਪੰਚ ਵਜੋਂ ਵੀ ਸੇਵਾਵਾਂ ਨਿਭਾਅ ਰਿਹਾ ਸੀ। ਉਹ ਇੱਥੇ ਸੈਕਟਰ 11 ਸਥਿਤ 'ਸ਼੍ਰੀ ਕੁਮਾਰ ਮੈਡੀਕਲ ਹਾਲ' ਵਿੱਚ ਬਤੌਰ ਕੈਸ਼ੀਅਰ ਕੰਮ ਕਰਦਾ ਸੀ।

ਦਿਨ-ਦਿਹੜੇ ਹੋਏ ਇਸ ਕਤਲਕਾਂਡ ਕਾਰਨ ਪੂਰੇ ਇਲਾਕੇ ਵਿੱਚ ਸਹਿਮ ਅਤੇ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਇਹ ਖ਼ੂਨੀ ਵਾਰਦਾਤ ਦੁਪਹਿਰ ਕਰੀਬ 3 ਵਜੇ ਵਾਪਰੀ। ਐਕਟਿਵਾ ਸਕੂਟਰ 'ਤੇ ਸਵਾਰ ਹੋ ਕੇ ਆਏ ਅਣਪਛਾਤੇ ਹਮਲਾਵਰਾਂ ਨੇ ਮੈਡੀਕਲ ਸਟੋਰ ਦੇ ਬਾਹਰ ਖੜ੍ਹੇ ਜਾਨਕੀ 'ਤੇ ਤਾਬੜਤੋੜ ਗੋਲੀਆਂ ਚਲਾ ਦਿੱਤੀਆਂ। ਚਸ਼ਮਦੀਦਾਂ ਦੇ ਹਵਾਲੇ ਤੋਂ ਸਾਹਮਣੇ ਆਇਆ ਹੈ ਕਿ ਬਦਮਾਸ਼ਾਂ ਨੇ ਕਰੀਬ 16 ਰਾਊਂਡ ਫਾਇਰ ਕੀਤੇ, ਜਿਸ ਕਾਰਨ ਜਾਨਕੀ ਨੂੰ ਕਈ ਗੋਲੀਆਂ ਲੱਗੀਆਂ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੁਲਜ਼ਮ ਬੜੀ ਆਸਾਨੀ ਨਾਲ ਮੌਕੇ ਤੋਂ ਫ਼ਰਾਰ ਹੋ ਗਏ। ਖ਼ੂਨ ਨਾਲ ਲਹੂ-ਲੁਹਾਨ ਹੋਏ ਜਾਨਕੀ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਗੋਲੀਆਂ ਦੀ ਆਵਾਜ਼ ਸੁਣ ਕੇ ਆਸ-ਪਾਸ ਦੇ ਦੁਕਾਨਦਾਰਾਂ ਅਤੇ ਰਾਹਗੀਰਾਂ ਵਿੱਚ ਅਫ਼ਰਾ-ਤਫ਼ਰੀ ਮਚ ਗਈ।

ਕਤਲ ਦੀ ਇਸ ਸਨਸਨੀਖੇਜ਼ ਵਾਰਦਾਤ ਤੋਂ ਬਾਅਦ ਚੰਡੀਗੜ੍ਹ ਪੁਲੀਸ ਦੇ ਉੱਚ ਅਧਿਕਾਰੀ ਭਾਰੀ ਫੋਰਸ ਸਮੇਤ ਮੌਕੇ 'ਤੇ ਪਹੁੰਚ ਗਏ। ਜਾਂਚ ਦੀ ਕਮਾਨ ਸੰਭਾਲਦਿਆਂ ਡੀ.ਐੱਸ.ਪੀ. ਦਲਬੀਰ ਸਿੰਘ ਭਿੰਡਰ, ਸੈਕਟਰ 11 ਥਾਣੇ ਦੇ ਇੰਚਾਰਜ ਜਸਪਾਲ ਸਿੰਘ ਭੁੱਲਰ, ਏ.ਜੀ.ਟੀ.ਐੱਫ. (17"6) ਥਾਣਾ ਇੰਚਾਰਜ ਹਰਿੰਦਰ ਸਿੰਘ ਸੇਖੋਂ ਅਤੇ ਇੰਸਪੈਕਟਰ ਸਤਿੰਦਰ ਸਿੰਘ ਸਮੇਤ ਕ੍ਰਾਈਮ ਬ੍ਰਾਂਚ ਅਤੇ ਡੀ.ਸੀ.ਸੀ. (433) ਦੀਆਂ ਟੀਮਾਂ ਨੇ ਘਟਨਾ ਸਥਾਨ ਦਾ ਬਾਰੀਕੀ ਨਾਲ ਮੁਆਇਨਾ ਕੀਤਾ। ਪੁਲੀਸ ਨੇ ਮੌਕੇ ਤੋਂ ਕਈ ਅਹਿਮ ਸਬੂਤ ਅਤੇ ਗੋਲੀਆਂ ਦੇ ਖੋਲ ਬਰਾਮਦ ਕੀਤੇ ਹਨ।ਪੁਲੀਸ ਸੂਤਰਾਂ ਮੁਤਾਬਕ ਮੁਢਲੀ ਜਾਂਚ ਵਿੱਚ ਇਹ ਮਾਮਲਾ ਪੁਰਾਣੀ ਰੰਜਿਸ਼ ਦਾ ਜਾਪਦਾ ਹੈ। ਦੱਸਿਆ ਜਾ ਰਿਹਾ ਹੈ ਕਿ ਮ੍ਰਿਤਕ ਜਾਨਕੀ ਦਾ ਹਿਮਾਚਲ ਪ੍ਰਦੇਸ਼ ਵਿੱਚ ਕਿਸੇ ਵਿਵਾਦ ਨੂੰ ਲੈ ਕੇ ਪਹਿਲਾਂ ਵੀ ਝਗੜਾ ਹੋਇਆ ਸੀ ਅਤੇ ਖ਼ਦਸ਼ਾ ਹੈ ਕਿ ਉਸੇ ਦੁਸ਼ਮਣੀ ਦੇ ਚਲਦਿਆਂ ਇਸ ਕਤਲ ਨੂੰ ਅੰਜਾਮ ਦਿੱਤਾ ਗਿਆ ਹੈ। ਇਹ ਵੀ ਚਰਚਾ ਹੈ ਕਿ ਮ੍ਰਿਤਕ ਨੂੰ ਪਹਿਲਾਂ ਧਮਕੀਆਂ ਵੀ ਮਿਲੀਆਂ ਸਨ, ਹਾਲਾਂਕਿ ਪੁਲੀਸ ਨੇ ਅਜੇ ਇਸ ਦੀ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਹੈ।

ਘਟਨਾ ਸਥਾਨ ਤੋਂ ਕੁਝ ਹੀ ਦੂਰੀ @ਤੇ ਪੁਲੀਸ ਨਾਕਾ ਮੌਜੂਦ ਹੋਣ ਦੇ ਬਾਵਜੂਦ ਹਮਲਾਵਰਾਂ ਦਾ ਸ਼ਰੇਆਮ ਫ਼ਰਾਰ ਹੋ ਜਾਣਾ ਪੁਲੀਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ @ਤੇ ਗੰਭੀਰ ਸਵਾਲ ਖੜ੍ਹੇ ਕਰ ਰਿਹਾ ਹੈ। ਦੂਜੇ ਪਾਸੇ, ਪੁਲੀਸ ਅਧਿਕਾਰੀਆਂ ਦਾ ਦਾਅਵਾ ਹੈ ਕਿ ਇਲਾਕੇ ਦੇ ਸੀ.ਸੀ.ਟੀ.ਵੀ. (33"ੜ) ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਅਤੇ ਬਦਮਾਸ਼ਾਂ ਦੀ ਭਾਲ ਲਈ ਵਿਸ਼ੇਸ਼ ਟੀਮਾਂ ਗਠਿਤ ਕਰਕੇ ਛਾਪੇਮਾਰੀ ਸ਼ੁਰੂ ਕਰ ਦਿੱਤੀ ਗਈ ਹੈ। ਪੁਲੀਸ ਨੇ ਭਰੋਸਾ ਦਿੱਤਾ ਹੈ ਕਿ ਤਕਨੀਕੀ ਸਬੂਤਾਂ ਦੇ ਆਧਾਰ @ਤੇ ਜਲਦ ਹੀ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਮਾਮਲੇ ਦਾ ਪਰਦਾਫਾਸ਼ ਕੀਤਾ ਜਾਵੇਗਾ।ਦੱਸਿਆ ਜਾ ਰਿਹਾ ਹੈ ਕਿ ਉਕਤ ਮੈਡੀਕਲ ਸਟੋਰ ਦੇ ਮਾਲਕ ਨੂੰ ਪਹਿਲਾਂ ਵੀ ਕਈ ਵਾਰ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਚੁੱਕੀਆਂ ਹਨ। ਇਸ ਤੋਂ ਪਹਿਲਾਂ ਸਾਲ 2017 ਵਿੱਚ ਵੀ ਦੋ ਨੌਜਵਾਨਾਂ ਨੇ @ਕੁਮਾਰ ਬ੍ਰਦਰਜ਼ ਮੈਡੀਕੋਜ਼@ ਦੇ ਬਾਹਰ ਹਵਾ ਵਿੱਚ ਗੋਲੀਆਂ ਚਲਾਈਆਂ ਸਨ।

## ਡਾ. ਮੀਨੂ ਸ਼ਰਮਾ 'ਸੁਖਮਨ' ਦੇ ਨਾਵਲ 'ਅਣਕਿਹਾ ਅਤੀਤ' ਦਾ ਭਵਿਆ ਵਿਮੋਚਨ ਅਤੇ ਕਵੀ ਦਰਬਾਰ




ਪਟਿਆਲਾ, 13 ਜੂਨ
-ਛਤਰਪਾਲ ਸਿੰਘ-

ਸਾਹਿਤ ਕਲਸ਼ ਪਬਲਿਕੇਸ਼ਨ, ਪਟਿਆਲਾ ਵੱਲੋਂ ਪ੍ਰਭਾਤ ਪਰਵਾਨਾ, ਬਾਰਾਦਰੀ (ਪਟਿਆਲਾ) ਵਿਖੇ ਡਾ. ਮੀਨੂ ਸ਼ਰਮਾ 'ਸੁਖਮਨ' ਦੇ ਚਰਚਿਤ ਨਾਵਲ 'ਅਣਕਿਹਾ ਅਤੀਤ' ਦਾ ਲੋਕ ਅਰਪਣ ਸਮਾਰੋਹ ਅਤੇ ਕਵੀ ਦਰਬਾਰ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ।

ਸਮਾਗਮ ਵਿੱਚ ਪੰਜਾਬ ਅਤੇ ਵੱਖ-ਵੱਖ ਖੇਤਰਾਂ ਤੋਂ ਪਹੁੰਚੇ ਸਾਹਿਤਕਾਰਾਂ, ਕਵੀਆਂ ਅਤੇ ਸਾਹਿਤ ਪ੍ਰੇਮੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਸਮਾਰੋਹ ਦੇ ਮੁੱਖ ਮਹਿਮਾਨ ਸ੍ਰੀ ਜਸਵੀਰ ਸਿੰਘ ਰਾਣਾ (ਅਮਰਗੜ੍ਹ) ਸਨ, ਜਦਕਿ ਡਾ. ਨੀਰਜ ਭਾਰਦਵਾਜ (ਪਟਿਆਲਾ) ਅਤੇ ਸ੍ਰੀ ਗੁਰਦਰਸ਼ਨ ਬਲ (ਨਾਭਾ) ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ। ਪ੍ਰੋਗਰਾਮ ਦੇ ਮੁੱਖ ਵਕਤਾ ਡਾ. ਧਰਮਪਾਲ ਸਾਹਿਲ (ਹੁਸ਼ਿਆਰਪੁਰ) ਨੇ ਨਾਵਲ 'ਅਣਕਿਹਾ ਅਤੀਤ' ਬਾਰੇ ਵਿਸਤਾਰ ਨਾਲ ਚਰਚਾ ਕਰਦਿਆਂ ਕਿਹਾ ਕਿ ਇਹ ਰਚਨਾ ਮਨੁੱਖੀ ਸੰਵੇਦਨਾਵਾਂ, ਰਿਸ਼ਤਿਆਂ ਅਤੇ ਜੀਵਨ ਦੇ ਅਣਕਹੇ ਪੱਖਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਦੀ ਹੈ।

ਵਕਤਾਵਾਂ ਨੇ ਲੇਖਿਕਾ ਡਾ. ਮੀਨੂ ਸ਼ਰਮਾ 'ਸੁਖਮਨ' ਨੂੰ ਇਸ ਮਹੱਤਵਪੂਰਨ ਸਾਹਿਤਕ ਉਪਲਬਧੀ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਨਾਵਲ ਪਾਠਕਾਂ ਵਿੱਚ ਆਪਣੀ ਵਿਲੱਖਣ ਪਛਾਣ ਬਣਾਉਣ ਵਿੱਚ ਸਫਲ ਰਹੇਗਾ। ਸਮਾਗਮ ਵਿੱਚ ਹਾਜ਼ਰ ਸਾਹਿਤਕਾਰਾਂ ਨੇ ਪੁਸਤਕ ਦੀ ਵਿਸ਼ੇ-ਵਸਤੂ, ਭਾਸ਼ਾ-ਸ਼ੈਲੀ ਅਤੇ ਸਾਹਿਤਕ ਮਹੱਤਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

ਸਮਾਰੋਹ ਨੂੰ ਸੁਚਾਰੂ ਢੰਗ ਨਾਲ ਸੰਪੰਨ ਕਰਵਾਉਣ ਵਿੱਚ ਸੰਸਥਾ ਦੇ ਮਾਰਗਦਰਸ਼ਕਾਂ ਦਾ ਵਿਸ਼ੇਸ਼ ਆਸ਼ੀਰਵਾਦ ਪ੍ਰਾਪਤ ਹੋਇਆ, ਜਿਨ੍ਹਾਂ ਵਿੱਚ ਸ੍ਰੀ ਦਿਨੇਸ਼ ਸੂਦ, ਡਾ. ਰਵੀ ਭੂਸ਼ਣ, ਸ੍ਰੀ ਪਵਨ ਗੋਇਲ, ਸ. ਤ੍ਰਿਲੋਕ ਢਿੱਲੋਂ ਅਤੇ ਪ੍ਰਿੰਸੀਪਲ ਮੰਜੂ ਜੀ ਮੁੱਖ ਤੌਰ 'ਤੇ ਸ਼ਾਮਲ ਰਹੇ।

ਨਾਵਲ ਦੀ ਲੇਖਿਕਾ ਡਾ. ਮੀਨੂ ਸ਼ਰਮਾ 'ਸੁਖਮਨ' ਨੇ ਆਪਣੇ ਸੰਬੋਧਨ ਵਿੱਚ 'ਅਣਕਿਹਾ ਅਤੀਤ' ਦੀ ਰਚਨਾ-ਪ੍ਰਕਿਰਿਆ, ਵਿਸ਼ੇ-ਵਸਤੂ ਅਤੇ ਇਸ ਦੇ ਪਿੱਛੇ ਦੀ ਪ੍ਰੇਰਣਾ ਬਾਰੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਇਹ ਨਾਵਲ ਜੀਵਨ ਦੇ ਉਹਨਾਂ ਅਣਛੂਹੇ ਅਤੇ ਅਣਕਹੇ ਤਜਰਬਿਆਂ ਨੂੰ ਪ੍ਰਗਟ ਕਰਨ ਦਾ ਯਤਨ ਹੈ, ਜੋ ਵਿਅਕਤੀ ਦੇ ਮਨ ਅਤੇ ਰਿਸ਼ਤਿਆਂ 'ਤੇ ਡੂੰਘਾ ਪ੍ਰਭਾਵ ਛੱਡਦੇ ਹਨ। ਡਾ. ਮੀਨੂ ਸ਼ਰਮਾ 'ਸੁਖਮਨ' ਨੇ ਸਮਾਗਮ ਵਿੱਚ ਹਾਜ਼ਰ ਸਾਰੇ ਮੁੱਖ ਮਹਿਮਾਨਾਂ, ਵਿਸ਼ੇਸ਼ ਮਹਿਮਾਨਾਂ, ਸਾਹਿਤਕਾਰਾਂ, ਕਵੀਆਂ, ਪਾਠਕਾਂ ਅਤੇ ਸਾਹਿਤ ਪ੍ਰੇਮੀਆਂ ਦਾ ਦਿਲੋਂ ਧੰਨਵਾਦ ਕਰਦਿਆਂ ਇਸ ਆਯੋਜਨ ਨੂੰ ਸਫਲ ਬਣਾਉਣ ਲਈ ਸਭ ਦਾ ਆਭਾਰ ਪ੍ਰਗਟਾਇਆ।

ਨਾਵਲ ਦੇ ਵਿਮੋਚਨ ਉਪਰੰਤ ਆਯੋਜਿਤ ਕਵੀ ਦਰਬਾਰ ਵਿੱਚ ਡਾ: ਅਨੀਸ਼ਾ ਆਂਗਰਾ, ਡਾ: ਸੁਨੀਲ ਦੱਤ, ਕੁਲਵਿੰਦਰ ਕੁਮਾਰ, ਵਰਿੰਦਰ ਕੌਰ, ਡਾ: ਸੀਮਾ ਭਾਟੀਆ, ਸਾਗਰ ਸੂਦ ਸੰਜੇ, ਡਾ: ਇੰਦਰਪਾਲ ਸਿੰਘ, ਪ੍ਰਵੀਨ ਵਰਮਾ, ਪੁਨੀਤ ਗੋਇਲ, ਰੋਹਿਤ ਰਿਸ਼ੀ, ਤਨਵੀ, ਜਸ਼ਨ, ਸਿਮਰਨ, ਤਨਵੀਰ, ਅਲਕਾ ਅਰੋੜਾ, ਮਧੂ ਚੋਪੜਾ ਮਧੂਮਨ, ਸਰਿਤਾ ਨਹੋਰੀਆ, ਹਰਜੀਤ ਕੌਰ, ਬਲਜੀਤ ਕੌਰ, ਹਰਜੀਤ ਕੌਰ, ਡਾ. ਪਰਵਿੰਦਰ ਸ਼ੋਖ, ਅਮਰਪ੍ਰੀਤ ਕੌਰ, ਸੰਜੇ ਦਰਦੀ, ਬਾਂਕਾ ਬਹਾਦੁਰ ਅਰੋੜਾ, ਨਵੀਨ ਕਮਲ ਭਾਰਤੀ, ਗੁਰਦਰਸ਼ਨ ਸਿੰਘ ਗੁਸਿਲ, ਨਰਗਿਸ ਤਨਹਾ, ਰਾਜ ਪਾਲ ਕੌਰ ਮਸਤ, ਸਤੀਸ਼ ਵਿਦਰੋਹੀ, ਵੀਨਾ ਸੂਦ, ਨੀਲਮ ਦੱਤ, ਡਾ: ਤਨਵੀਰ ਸਿੱਧੂ, ਚਿੰਤਨ ਜਿੰਦਲ, ਸ਼ੀਤਲ ਜਿੰਦਲ, ਰਾਕੇਸ਼ ਕੁਮਾਰੀ, ਰਾਜੇਸ਼ ਕੋਟੀਆ ਕਵੀਆਂ ਨੇ ਦੇਸ਼, ਸਮਾਜ ਅਤੇ ਮਨੁੱਖੀ ਸੰਵੇਦਨਾਵਾਂ ਨਾਲ ਭਰਪੂਰ ਰਚਨਾਵਾਂ ਪੇਸ਼ ਕੀਤੀਆਂ। ਇਸ ਦੌਰਾਨ ਸਾਹਿਤ ਕਲਸ਼ ਪਰਿਵਾਰ ਦੇ ਸਰਗਰਮ ਮੈਂਬਰਾਂ ਦੇ ਜਨਮਦਿਨ ਵੀ ਬੜੇ ਹਰਸ਼ੋਲਲਾਸ ਨਾਲ ਮਨਾਏ ਗਏ ਅਤੇ ਉਨ੍ਹਾਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

## ਮਿਡ—ਡੇ—ਮੀਲ ਕਰਮੀਆਂ ਨੂੰ ਘੱਟੋ—ਘੱਟ ਉਜਰਤਾ ਦੇ ਘੇਰੇ ਵਿੱਚ ਲਿਆਉਣ ਦੀ ਮੰਗ — ਦਰਸ਼ਨ ਲੁਬਾਣਾ, ਰਾਮ ਪ੍ਰਸਾਦ ਸਹੋਤਾ

ਪਟਿਆਲਾ, 13 ਜੂਨ
-ਅਮਨਦੀਪ ਸੱਭਰਵਾਲ-

ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਦੇ ਬੈਨਰ ਹੇਠ ਪਟਿਆਲਾ ਜਿਲੇ ਵਿਚਲੇ ਸਰਕਾਰੀ ਸਕੂਲਾਂ ਵਿੱਚ ਲੰਮੇ ਸਮੇਂ ਤੋਂ ਕੰਮ ਕਰ ਰਹੀਆਂ ਮਿਡ—ਡੇ—ਮੀਲ ਕਰਮੀਆਂ ਯੂਨੀਅਨ ਦਫਤਰ ਰਾਜਪੁਰਾ ਕਾਲੋਨੀ ਵਿਖੇ ਇਕੱਤਰ ਹੋਈਆਂ, ਇਸ ਮੌਕੇ ਤੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸਕੂਲਾਂ ਦੇ ਪ੍ਰਧਾਨ ਰਾਮ ਪ੍ਰਸਾਦ ਸਹੋਤਾ, ਸਹਿਰੀ ਪ੍ਰਧਾਨ ਰਾਮ ਲਾਲ ਰਾਮਾ, ਵੀ ਸ਼ਾਮਲ ਹੋਏ। ਇਕੱਤਰਤਾ ਵਿੱਚ ਮਿਡ—ਡੇ—ਮੀਲ ਤੋਂ ਇਲਾਵਾ ਸਕੂਲਾਂ ਵਿਚਲੇ ਪਾਰਟ ਟਾਇਮ ਮੇਲ ਤੇ ਫੀ ਮੇਲ ਕਰਮੀ ਵੀ ਸ਼ਾਮਲ ਹੋਏ ਅਤੇ ਉਹ ਕਰਮੀ ਵੀ ਪੁਜੇ ਜਿਹਨਾਂ ਨੂੰ ਆਪ ਸਰਕਾਰ ਨੇ ਸਫਾਈ ਸੇਵਕ 3000/— ਰੁਪਏ, ਚੌਂਕੀਦਾਰ 5000/— ਹਜਾਰ ਰੁਪਏ ਪ੍ਰਤੀ ਮਹੀਨਾ ਤੇ ਰੱਖਿਆ ਹੋਇਆ ਹੈ ਪਰੰਤੂ ਇਨ੍ਹਾਂ ਨੂੰ ਤਿੰਨ—ਤਿੰਨ ਮਹੀਨਿਆਂ ਤੋਂ ਤਨਖਾਹਾਂ ਨਸੀਬ ਨਹੀਂ ਹੋ ਰਹੀਆਂ ਤੇ ਸਰਕਾਰੀ ਕਰਮੀ ਮੰਨਿਆ ਜਾਵੇ।ਇਕੱਤਰਤਾ ਨੂੰ




ਸੰਬੋਧਨ ਕਰਦੇ ਹੋਏ ਦਰਸ਼ਨ ਸਿੰਘ ਲੁਬਾਣਾ, ਰਾਮ ਪ੍ਰਸਾਦ ਸਹੋਤਾ ਨੇ ਕਿਹਾ ਕਿ ਮਿਡ—ਡੇ—ਮੀਲ ਕਰਮੀਆਂ ਨੂੰ ਉਕਾ ਪੁੱਕਾ 3000/— ਰੁਪਏ ਪ੍ਰਤੀ ਮਹੀਨਾ ਦਿੱਤੇ ਜਾਦੇ ਹਨ, ਕੰਮ ਵਧ ਲਿਆ ਜਾਂਦਾ ਹੈ, ਖਾਣਾ ਬਣਾਉਣ ਦੇ ਨਾਲ ਨਾਲ ਸਫਾਈ ਤੇ ਗਰਾਊਂਡ ਵਿੱਚ ਵੀ ਕੰਮ ਲਿਆ ਜਾਂਦਾ ਹੈ ਅਤੇ ਬਗਬਾਨੀ ਵੀ ਕਰਵਾਈ ਜਾਦੀ ਹੈ। ਇਸ ਤਰ੍ਹਾਂ ਇਨ੍ਹਾਂ ਕਾਮਿਆਂ ਦਾ ਸਕੂਲਾਂ ਵਲੋਂ ਆਰਥਿਕ ਸ਼ੋਸ਼ਣ ਕੀਤਾ ਜਾਦਾ ਹੈ ਅਤੇ ਕੋਈ ਵੀ ਸਹੁਲਤਾ ਨਹੀਂ ਦਿੱਤੀਆਂ ਜਾਦੀਆਂ।

ਇਹਨਾਂ ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਵਿਚਲੇ ਸਮੂਹ ਸਰਕਾਰੀ ਸਕੂਲਾਂ ਵਿੱਚ ਕੰਮ ਕਰ ਰਹੀਆਂ ਮਿਡ—ਡੇ—ਮੀਲ ਕਰਮੀਆਂ, ਪਾਰਟ ਟਾਇਮ ਤੇ ਘੱਟ ਤਨਖਾਹਾਂ ਨਿਯੁਕਤ ਕੀਤੇ ਸਫਾਈ ਸੇਵਕਾਂ—ਚੌਂਕੀਦਾਰਾਂ ਨੂੰ ਘੱਟੋ—ਘੱਟ ਉਜਰਤਾ ਦੇ ਘੇਰੇ ਵਿੱਚ ਲਿਆਦਾ ਜਾਵੇ, ਕੰਮ ਕਰਨ ਸਮੇਂ ਵਰਦੀਆਂ ਦਿੱਤੀਆਂ ਜਾਣ, ਕੋਈ ਵੀ ਖਾਣਾ ਬਣਾਉਣ ਸਮੇਂ ਹਾਦਸਾ ਵਾਪਰਨ ਤੇ ਡਾਕਟਰੀ ਸਹੂਲਤਾਂ ਦਿੱਤੀਆਂ ਜਾਣ, ਇਹਨਾਂ ਕਰਮੀਆਂ ਦਾ ਜੀਵਨ ਬੀਮਾ ਵੀ ਸਰਕਾਰੀ ਤੌਰ ਤੇ ਕਰਵਾਇਆ ਜਾਵੇ, ਕੰਮ ਦਾ ਸਮਾਂ ਨਿਸ਼ਚਿਤ ਕੀਤਾ ਜਾਵੇ, ਪਹਿਚਾਨ ਕਾਰਡ ਬਣਾਏ ਜਾਣ ਆਦਿ ਆਦਿ ਮੰਗਾਂ ਉਠਾਈਆਂ ਗਈਆਂ ਅਤੇ ਇਹ ਫੈਸਲਾ ਕੀਤਾ ਗਿਆ ਸਾਰੀਆਂ ਮੰਗਾਂ ਦਾ ਇੱਕ ਯਾਦ ਪੱਤਰ ਦੇਣ ਲਈ ਮਿਤੀ: 26—06—2026 ਨੂੰ: ਜਿਲ੍ਹਾ ਸਿੱਖਿਆ ਦਫਤਰ ਕੰਪਲੈਕਸ ਵਿਖੇ ਰੈਲੀ ਕੀਤੀ ਜਾਵੇਗੀ ਤੇ ਮਾਰਚ ਕਰਕੇ ਮੰਗ ਪੱਤਰ ਡਿਪਟੀ ਕਮਿਸ਼ਨਰ ਨੂੰ ਦਿੱਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਮਿਤੀ 20—06—2026 ਨੂੰ ਸਿਹਤ ਮੰਤਰੀ ਦੇ ਹਲਕੇ ਪਟਿਆਲਾ—2 ਵਿਖੇ ਰੈਲੀ ਤੇ ਮਾਰਚ ਵਿੱਚ ਸਕੂਲਾਂ ਵਿਚਲੇ ਸਾਰੇ ਕੱਚੇ ਤੇ ਪੱਕੇ ਚੌਥਾ ਦਰਜਾ ਕਰਮਚਾਰੀ ਸ਼ਾਮਲ ਹੋਣਗੇ। ਇਕੱਤਰਤਾ ਵਿੱਚ ਹੋਰ ਜ਼ੋ ਮੈਂਬਰਜ ਸ਼ਾਮਲ ਸਨ ਉਹਨਾ ਵਿੱਚ ਰਾਮ ਲਾਲ ਰਾਮਾ, ਸਤਿ ਨਰਾਇਣ ਗੋਨੀ, ਤਰਲੋਚਨ ਮਾੜੂ, ਨਿਸ਼ਾਨ ਸਿੰਘ, ਚਰਨਜੀਤ ਸਿੰਘ ਮਰਦਾਪੁਰ, ਸਤਨਾਮ ਸਿੰਘ, ਤਰਸੇਮ ਲਾਲ, ਬਲਵਿੰਦਰ ਸਿੰਘ ਪਾਤੜਾਂ, ਕਾਲਾ ਸਿੰਘ, ਮੰਜੂ ਰਾਣੀ, ਹਰਜੀਤ ਕੌਰ, ਦਵਿੰਦਰ ਕੁਮਾਰ, ਮਦਨ ਲਾਲ ਨਾਭਾ, ਨੇਹਾ, ਬੇਗਰਾਮ, ਰਘਵੀਰ ਸਿੰਘ, ਸਹੇਨਾਜ ਬੇਗਮ, ਨਰਿੰਦਰ ਕੁਮਾਰ, ਆਦਿ ਹਾਜਰ ਸਨ।




BODU RAM CHOUDHARY-91666-09957
BALVEER 82093-53836

SHIV MARBLE & GRANITE
RAJASTHAN MAKRANA WALE





BYE-PASS ROAD, NEAR ALIPUR CHOWK, PATIALA

## ਸੰਪਾਦਕੀ

### ਦਵਾਈਆਂ ਮਹਿੰਗੀਆਂ ਹੋਣ ਕਾਰਨ ਦੇਸ਼ ਵਿਚ ਇਲਾਜ ਹੋਇਆ ਮਹਿੰਗਾ

ਦੇਸ਼ ਦੀ ਜਨਤਾ ਵਿਚ ਇਸ ਸਮੇਂ ਦਵਾਈਆਂ ਦੇ ਰੇਟ ਵੱਧਣ ਕਾਰਨ ਹਾਹਾਕਾਰ ਮੱਚੀ ਹੋਈ ਹੈ। ਬੀਤੇ ਦਿਨੀਂ ਦੇਸ਼ ਵਿਚ ਰਾਸ਼ਟਰੀ ਫਾਰਮਾਸਿਊਟੀਕਲ ਪ੍ਰਾਈਸਿੰਗ ਅਥਾਰਿਟੀ ਵੱਲੋਂ ਕੈਂਸਰ ਦੀਆਂ ਕੁਝ ਦਵਾਈਆਂ, ਐਂਟੀ-ਟੈਟਨਸ ਸੀਰਮ ਅਤੇ ਬੱਚਿਆਂ ਦੀ ਵੈਕਸੀਨ ਦੇ ਭਾਅ 50 ਫ਼ੀਸਦੀ ਵਧਾਉਣ ਲਈ ਹਰੀ ਝੰਡੀ ਦੇਣਾ ਜਨਤਕ ਸਿਹਤ ਨੀਤੀ ਨਾਲ ਜੁੜੀਆਂ ਗੁੰਝਲਦਾਰ ਚੁਣੌਤੀਆਂ ਨੂੰ ਸਾਹਮਣੇ ਲਿਆਉਂਦਾ ਹੈ। ਇੱਕ ਪਾਸੇ ਭਾਰਤ ਵਰਗੇ ਦੇਸ਼ ਵਿੱਚ ਜ਼ਰੂਰੀ ਦਵਾਈਆਂ ਦੇ ਭਾਅ ਲੋਕਾਂ ਦੀ ਪਹੁੰਚ ਵਿੱਚ ਰੱਖਣੇ ਬੇਹੱਦ ਜ਼ਰੂਰੀ ਹਨ, ਜਿੱਥੇ ਅੱਜ ਵੀ ਵੱਡੀ ਗਿਣਤੀ ਪਰਿਵਾਰਾਂ ਨੂੰ ਹਸਪਤਾਲਾਂ ਦਾ ਖ਼ਰਚਾ ਆਪਣੀ ਜੇਬ 'ਚੋਂ ਕਰਨਾ ਪੈਂਦਾ ਹੈ। ਦੂਜੇ ਪਾਸੇ ਇਹ ਡਰ ਵੀ ਹੈ ਕਿ ਜੇ ਭਾਅ ਨਾ ਵਧਾਏ ਤਾਂ ਇਹ ਜਾਨ ਬਚਾਉਣ ਵਾਲੀਆਂ ਦਵਾਈਆਂ ਬਾਜ਼ਾਰ ਵਿੱਚੋਂ ਗ਼ਾਇਬ ਹੀ ਨਾ ਹੋ ਜਾਣ। ਦਵਾਈਆਂ ਅਤੇ ਟੀਕਿਆਂ ਦੇ ਭਾਅ ਵਿੱਚ ਹੋਇਆ ਇਹ ਮੋਟਾ ਵਾਧਾ ਭਾਵੇਂ ਕਿਸੇ ਮਜਬੂਰੀ ਤਹਿਤ ਕੀਤਾ ਗਿਆ ਹੋਵੇ ਪਰ ਇਹ ਹਰ ਨਾਗਰਿਕ ਨੂੰ ਬਰਾਬਰ ਸਿਹਤ ਸਹੂਲਤਾਂ ਮਿਲਣ ਦੇ ਹੱਕ 'ਤੇ ਸਵਾਲੀਆ ਨਿਸ਼ਾਨ ਜ਼ਰੂਰ ਲਾਉਂਦਾ ਹੈ। ਅਥਾਰਿਟੀ ਦਾ ਕਹਿਣਾ ਹੈ ਕਿ ਬਾਜ਼ਾਰ ਵਿੱਚ ਇਨ੍ਹਾਂ ਦਵਾਈਆਂ ਦੀ ਤੋਟ ਆ ਰਹੀ ਹੈ ਅਤੇ ਇਨ੍ਹਾਂ ਨੂੰ ਬਣਾਉਣ ਦਾ ਖ਼ਰਚਾ ਵੀ ਕਾਫ਼ੀ ਵਧ ਗਿਆ ਹੈ। ਜੇਕਰ ਦਵਾਈਆਂ ਬਣਾਉਣ ਵਾਲੀਆਂ ਕੰਪਨੀਆਂ ਦੀ ਪੂਰੀ ਲਾਗਤ ਹੀ ਨਾ ਨਿਕਲੀ ਤਾਂ ਉਹ ਇਨ੍ਹਾਂ ਦੀ ਸਪਲਾਈ ਪੂਰੀ ਤਰ੍ਹਾਂ ਬੰਦ ਕਰ ਦੇਣਗੀਆਂ। ਇਹ ਦਲੀਲ ਉਸ ਕੌੜੀ ਸੱਚਾਈ ਨੂੰ ਅੱਖੋਂ-ਪਰੋਖੇ ਨਹੀਂ ਕਰ ਸਕਦੀ ਕਿ ਅੱਜ ਵੀ ਲੱਖਾਂ ਲੋਕ ਬੁਨਿਆਦੀ ਇਲਾਜ ਲਈ ਪਾਈ-ਪਾਈ ਨੂੰ ਮੁਹਤਾਜ ਹਨ। ਕੈਂਸਰ ਵਰਗੀਆਂ ਨਾਮੁਰਾਦ ਬੀਮਾਰੀਆਂ ਦੇ ਇਲਾਜ ਅਤੇ ਬੱਚਿਆਂ ਨੂੰ ਮਾਰੂ ਰੋਗਾਂ ਤੋਂ ਬਚਾਉਣ ਵਾਲੇ ਟੀਕਿਆਂ ਦੇ ਭਾਅ 50 ਫ਼ੀਸਦੀ ਵਧਣ ਨਾਲ ਪਹਿਲਾਂ ਹੀ ਆਰਥਿਕ ਤੰਗੀ ਝੱਲ ਰਹੇ ਗ਼ਰੀਬ ਪਰਿਵਾਰ ਕਰਜ਼ੇ ਦੀ ਦਲਦਲ ਵਿੱਚ ਹੋਰ ਧਸ ਜਾਣਗੇ। ਮਰੀਜ਼ਾਂ ਲਈ ਇਲਾਜ ਦਾ ਖ਼ਰਚਾ ਸਿਰਫ਼ ਦਵਾਈਆਂ ਤੱਕ ਹੀ ਸੀਮਤ ਨਹੀਂ ਹੁੰਦਾ, ਸਗੋਂ ਟੈਸਟਾਂ, ਆਉਣ-ਜਾਣ ਦੇ ਭਾੜੇ, ਹਸਪਤਾਲ ਦੇ ਖ਼ਰਚੇ ਅਤੇ ਬੀਮਾਰੀ ਕਾਰਨ ਦਿਹਾੜੀ-ਕਾਰੋਬਾਰ ਛੁੱਟਣ ਦੀ ਮਾਰ ਵੀ ਝੱਲਣੀ ਪੈਂਦੀ ਹੈ। ਅਜਿਹੇ ਵਿੱਚ ਖ਼ਰਚੇ ਦਾ ਮਾੜਾ ਜਿਹਾ ਵਾਧੂ ਬੋਝ ਵੀ ਪਰਿਵਾਰਾਂ ਨੂੰ ਇਸ ਭਿਆਨਕ ਮੋੜ 'ਤੇ ਲਿਆ ਖੜ੍ਹਾ ਕਰਦਾ ਹੈ ਕਿ ਉਹ ਇਲਾਜ ਕਰਵਾਉਣ ਜਾਂ ਰੋਟੀ ਦਾ ਜੁਗਾੜ ਕਰਨ। ਇਸ ਲਈ ਅਸਲ ਹੱਲ ਦਵਾਈਆਂ ਦੇ ਸਸਤੇ ਹੋਣ ਜਾਂ ਬਾਜ਼ਾਰ ਵਿੱਚ ਉਨ੍ਹਾਂ ਦੀ ਮੌਜੂਦਗੀ ਵਿੱਚੋਂ ਕਿਸੇ ਇੱਕ ਨੂੰ ਚੁਣਨਾ ਨਹੀਂ ਹੈ ਸਗੋਂ ਅਜਿਹਾ ਸਿਸਟਮ ਤਿਆਰ ਕਰਨਾ ਹੈ ਜਿਸ ਨਾਲ ਇਹ ਦੋਵੇਂ ਗੱਲਾਂ ਇੱਕੋ ਵੇਲੇ ਸੰਭਵ ਹੋ ਸਕਣ।

ਸਰਕਾਰ ਨੂੰ ਚਾਹੀਦਾ ਹੈ ਕਿ ਉਹ ਦਵਾਈਆਂ ਦੀ ਸਰਕਾਰੀ ਖ਼ਰੀਦ ਪ੍ਰਣਾਲੀ ਨੂੰ ਮਜ਼ਬੂਤ ਕਰੇ ਅਤੇ ਸਰਕਾਰੀ ਹਸਪਤਾਲਾਂ ਰਾਹੀਂ ਇਨ੍ਹਾਂ ਦੀ ਬਿਨਾਂ ਰੋਕ-ਟੋਕ ਸਪਲਾਈ ਯਕੀਨੀ ਬਣਾਵੇ। ਸਿਹਤ ਬੀਮਾ ਯੋਜਨਾਵਾਂ ਦਾ ਦਾਇਰਾ ਵਧਾ ਕੇ ਉਨ੍ਹਾਂ ਵਿੱਚ ਇਨ੍ਹਾਂ ਜ਼ਰੂਰੀ ਦਵਾਈਆਂ ਨੂੰ ਸ਼ਾਮਲ ਕਰਨਾ ਚਾਹੀਦਾ ਹੈ, ਜਦਕਿ ਖ਼ਾਸ ਸਬਸਿਡੀਆਂ ਦੇ ਕੇ ਗ਼ਰੀਬ ਮਰੀਜ਼ਾਂ ਨੂੰ ਕੀਮਤਾਂ ਦੇ ਅਚਾਨਕ ਲੱਗਣ ਵਾਲੇ ਝਟਕਿਆਂ ਤੋਂ ਬਚਾਇਆ ਜਾ ਸਕਦਾ ਹੈ। ਇਸ ਦੇ ਨਾਲ ਹੀ ਦਵਾਈਆਂ ਦੇ ਭਾਅ ਤੈਅ ਕਰਨ ਵਾਲੀਆਂ ਨੀਤੀਆਂ ਦੀ ਸਮੇਂ-ਸਮੇਂ 'ਤੇ ਸਮੀਖਿਆ ਹੋਣੀ ਚਾਹੀਦੀ ਹੈ ਤਾਂ ਜੋ ਉਤਪਾਦਨ ਦੀ ਅਸਲ ਲਾਗਤ ਦੇ ਹਿਸਾਬ ਨਾਲ ਭਾਅ ਤੈਅ ਕੀਤੇ ਜਾ ਸਕਣ ਅਤੇ ਬਾਜ਼ਾਰ ਵਿੱਚ ਦਵਾਈਆਂ ਦੀ ਕਿੱਲਤ ਨਾ ਹੋਵੇ। ਸਿੱਧੀ ਗੱਲ ਹੈ ਕਿ ਜਾਨ ਬਚਾਉਣ ਵਾਲੀਆਂ ਜ਼ਰੂਰੀ ਦਵਾਈਆਂ ਨੂੰ ਆਮ ਵਪਾਰਕ ਚੀਜ਼ਾਂ ਵਾਂਗ ਨਫ਼ੇ-ਨੁਕਸਾਨ ਦੇ ਤਰਾਜ਼ੂ ਵਿੱਚ ਨਹੀਂ ਤੋਲਿਆ ਜਾ ਸਕਦਾ। ਦੇਸ਼ ਦੀ ਜਨਤਾ ਇਸ ਸਮੇਂ ਮਹਿੰਗਾਈ ਕਾਰਨ ਬੇਹਾਲ ਹੋਈ ਪਈ ਹੈ। ਜਨਤਾ ਦਾ ਕਹਿਣਾ ਹੈ ਕਿ ਸਰਕਾਰ ਕਦੋਂ ਇਸ ਵੱਧਦੀਆਂ ਦਵਾਈਆਂ ਦੇ ਰੇਟ 'ਤੇ ਕਦੋਂ ਠੱਲ ਪਾਵੇਗੀ।

-ਛੱਤਰਪਾਲ ਸਿੰਘ

# ਕੇਂਦਰ ਸਰਕਾਰ ਦੀ ਆਰਥਿਕ ਕਾਰਗੁਜ਼ਾਰੀ

**ਡਾ. ਕੇਸਰ ਸਿੰਘ ਭੰਗੂ**



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠਲੀ ਕੇਂਦਰ ਸਰਕਾਰ ਨੇ ਇਸੇ ਮਹੀਨੇ ਆਪਣੇ ਕਾਰਜਕਾਲ ਦੇ 12 ਸਾਲ ਪੂਰੇ ਕਰ ਲਏ ਹਨ। ਪਹਿਲੇ 10 ਸਾਲਾਂ ਦੌਰਾਨ ਭਾਜਪਾ ਦੀ ਇਕੱਲਿਆਂ ਦੀ ਸਰਕਾਰ ਸੀ ਪਰ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਦਾ ਚੰਗਾ ਪ੍ਰਦਰਸ਼ਨ ਨਾ ਹੋਣ ਕਾਰਨ ਭਾਜਪਾ ਨੂੰ ਕਈ ਖੇਤਰੀ ਪਾਰਟੀਆਂ ਦੇ ਸਹਿਯੋਗ ਨਾਲ ਰਲੀ-ਮਿਲੀ ਸਰਕਾਰ ਬਣਾਉਣ ਲਈ ਮਜਬੂਰ ਹੋਣਾ ਪਿਆ। ਹੁਣ ਪੱਛਮੀ ਬੰਗਾਲ ਵਿੱਚ ਟੀ ਐੱਮ ਸੀ ਦੀ ਹਾਰ ਤੋਂ ਟੀ ਐੱਮ ਸੀ ਦੇ ਬਾਗੀ ਸੰਸਦ ਮੈਂਬਰਾਂ ਵੱਲੋਂ ਸਮਰਥਨ ਦੇਣ ਤੋਂ ਬਾਅਦ ਸਰਕਾਰ ਹੋਰ ਮਜ਼ਬੂਤ ਹੋਈ ਹੈ। ਹੁਣ ਰਲੀ-ਮਿਲੀ ਸਰਕਾਰ ਨੇ ਵੀ ਦੋ ਸਾਲ ਪੂਰੇ ਕਰ ਲਏ ਹਨ। ਇਸ ਲੇਖ ਵਿੱਚ ਮੌਜੂਦਾ ਕੇਂਦਰ ਸਰਕਾਰ ਦੀ 12 ਸਾਲਾਂ ਦੀ ਆਰਥਿਕ ਕਾਰਗੁਜ਼ਾਰੀ ਦੀ ਸਮੀਖਿਆ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਮੌਜੂਦਾ ਸਰਕਾਰ ਨੇ ਪਿਛਲੀ ਸਰਕਾਰ ਤੋਂ ਵਿਰਸੇ ਵਿੱਚ ਵਿੱਤੀ ਸਾਲ 2014-15 ਦੌਰਾਨ ਚੰਗੀ ਆਰਥਿਕ ਹਾਲਤ ਵਿੱਚ ਅਰਥ-ਵਿਵਸਥਾ ਨੂੰ ਸੰਭਾਲਿਆ ਸੀ ਕਿਉਂਕਿ ਉਸ ਵਿੱਤੀ ਸਾਲ ਦੌਰਾਨ ਕੁੱਲ ਘਰੇਲੂ ਉਤਪਾਦ ਦੀ ਵਿਕਾਸ ਦਰ 7.4 ਪ੍ਰਤੀਸ਼ਤ ਅਤੇ ਪ੍ਰਤੀ ਵਿਅਕਤੀ ਆਮਦਨ ਵਿੱਚ ਵਾਧੇ ਦੀ ਦਰ 6.2 ਪ੍ਰਤੀਸ਼ਤ ਸੀ। ਸਰਕਾਰ ਦੇ ਸੱਤਾ ਸੰਭਾਲਣ ਦੇ ਤਿੰਨ ਮਹੀਨਿਆਂ ਬਾਅਦ ਅਗਸਤ 2014 ਵਿੱਚ ਦੁਨੀਆ ਭਰ ਵਿੱਚ ਕੱਚੇ ਤੇਲ ਅਤੇ ਹੋਰ ਪੈਟਰੋਲੀਅਮ ਪਦਾਰਥਾਂ ਦੀਆਂ ਕੀਮਤਾਂ ਵਿੱਚ ਭਾਰੀ ਗਿਰਾਵਟ ਆਈ ਜਿਸ ਨੇ ਪਹਿਲਾਂ ਤੋਂ ਹੀ ਚੰਗੀ ਆਰਥਿਕ ਤਰੱਕੀ ਕਰ ਰਹੀ ਭਾਰਤ ਦੀ ਅਰਥ-ਵਿਵਸਥਾ ਨੂੰ ਹੋਰ ਮਜ਼ਬੂਤ ਕੀਤਾ। ਨਤੀਜੇ ਵਜੋਂ ਵਿੱਤੀ ਸਾਲ 2016-17 ਵਿੱਚ ਕੁੱਲ ਘਰੇਲੂ ਉਤਪਾਦ ਦੀ ਵਿਕਾਸ ਦਰ ਵਿੱਚ 8.3 ਪ੍ਰਤੀਸ਼ਤ ਅਤੇ ਪ੍ਰਤੀ ਵਿਅਕਤੀ ਆਮਦਨ ਦਰ ਵਿੱਚ 6.9 ਪ੍ਰਤੀਸ਼ਤ ਦਾ ਵਾਧਾ ਦਰਜ ਕੀਤਾ ਗਿਆ। ਇਸ ਤੋਂ ਅਗਲੇ ਸਾਲਾਂ ਵਿੱਚ ਦੇਸ਼ ਦੀ ਕੁੱਲ ਘਰੇਲੂ ਪੈਦਾਵਾਰ ਅਤੇ ਪ੍ਰਤੀ ਵਿਅਕਤੀ ਆਮਦਨ ਦੇ ਵਾਧੇ ਦੀ ਦਰ ਘਟ ਗਈ।

ਇਹ ਵੀ ਸੱਚ ਹੈ ਕਿ ਦੇਸ਼ ਦੀ ਪ੍ਰਤੀ ਵਿਅਕਤੀ ਆਮਦਨ 2014-15 ਤੋਂ ਹੁਣ ਤੱਕ ਦੁੱਗੁਣੀ ਹੋ ਗਈ ਹੈ। ਪ੍ਰਚੱਲਿਤ ਕੀਮਤਾਂ 'ਤੇ 2014-15 ਵਿੱਚ ਪ੍ਰਤੀ ਵਿਅਕਤੀ ਆਮਦਨ 86,647 ਰੁਪਏ ਸੀ ਜਿਹੜੀ ਕਿ 2025-26 ਵਿੱਚ ਦੁੱਗਣੀ ਤੋਂ ਵੀ ਜ਼ਿਆਦਾ ਵਧ ਕੇ 2,19,575 ਰੁਪਏ ਹੋ ਗਈ ਹੈ। ਇਥੇ ਸਪੱਸ਼ਟ ਕਰਨਾ ਬਣਦਾ ਹੈ ਕਿ ਜਦੋਂ ਕੁੱਲ ਘਰੇਲੂ ਪੈਦਾਵਾਰ ਅਤੇ ਪ੍ਰਤੀ ਵਿਅਕਤੀ ਆਮਦਨ ਦਾ ਮੁਕਾਬਲਤਨ ਅਧਿਐਨ ਪ੍ਰਚੱਲਿਤ ਕੀਮਤਾਂ ਅਨੁਸਾਰ ਕੀਤਾ ਜਾਂਦਾ ਹੈ ਤਾਂ ਇਹ ਸਹੀ ਤਸਵੀਰ ਪੇਸ਼ ਨਹੀਂ ਕਰਦੀ ਕਿਉਂਕਿ ਇਸ ਵਿੱਚ ਮਹਿੰਗਾਈ ਵੀ ਸ਼ਾਮਲ ਹੁੰਦੀ ਹੈ। ਇਸ ਲਈ ਅਸਲ ਸਥਿਤੀ ਉਦੋਂ ਹੀ ਸਾਹਮਣੇ ਆਉਂਦੀ ਹੈ ਜਦੋਂ ਇਨ੍ਹਾਂ ਦਾ ਮੁਕਾਬਲਤਨ ਅਧਿਐਨ ਸਥਿਰ ਕੀਮਤਾਂ 'ਤੇ ਕੀਤਾ ਜਾਵੇ। ਅਸਲ ਵਿੱਚ 2011-12 ਦੀਆਂ ਸਥਿਰ ਕੀਮਤਾਂ ਦੇ ਹਿਸਾਬ ਨਾਲ ਇਹ ਵਾਧਾ ਦੁੱਗਣਾ ਨਾ ਹੋ ਕੇ ਕੇਵਲ 54 ਪ੍ਰਤੀਸ਼ਤ ਦੇ ਨੇੜੇ ਹੀ ਰਿਹਾ ਕਿਉਂਕਿ 2014-15 ਵਿੱਚ ਸਥਿਰ ਕੀਮਤਾਂ ਅਨੁਸਾਰ ਪ੍ਰਤੀ ਵਿਅਕਤੀ ਆਮਦਨ 72,805 ਰੁਪਏ ਤੋਂ ਵਧ ਕੇ 2024-25 ਵਿੱਚ 1,33,488 ਰੁਪਏ ਹੋ ਗਈ ਹੈ। ਪਰ ਜੇਕਰ ਇਸ ਤੋਂ ਪਹਿਲਾਂ ਦੇ 10 ਸਾਲਾਂ ਵਿੱਚ ਪ੍ਰਤੀ ਵਿਅਕਤੀ ਆਮਦਨ ਦੇ ਵਾਧੇ ਨੂੰ ਦੇਖਿਆ ਜਾਵੇ ਤਾਂ ਸਪੱਸ਼ਟ ਹੋ ਜਾਂਦਾ ਹੈ ਕਿ ਪ੍ਰਤੀ ਵਿਅਕਤੀ ਆਮਦਨ ਵਿੱਚ ਵਾਧੇ ਦੇ ਮਾਮਲੇ ਵਿੱਚ ਮੋਦੀ ਸਰਕਾਰ ਦੀ ਕਾਰਗੁਜ਼ਾਰੀ ਅੱਛੀ ਨਹੀਂ ਰਹੀ ਕਿਉਂਕਿ ਕਾਂਗਰਸ ਦੀ ਡਾ. ਮਨਮੋਹਨ ਸਿੰਘ ਦੀ ਅਗਵਾਈ ਹੇਠਲੀ ਸਰਕਾਰ ਸਮੇਂ 10 ਸਾਲਾਂ ਵਿੱਚ ਇਹ ਵਾਧਾ ਪ੍ਰਚੱਲਿਤ ਕੀਮਤਾਂ 'ਤੇ 157 ਪ੍ਰਤੀਸ਼ਤ ਸੀ ਭਾਵ 2006-07 ਵਿੱਚ ਪ੍ਰਤੀ ਵਿਅਕਤੀ ਆਮਦਨ 33,717 ਰੁਪਏ ਤੋਂ ਵਧ ਕੇ 2014-15 ਵਿੱਚ 86,647 ਰੁਪਏ ਹੋ ਗਈ ਸੀ। ਇਸੇ ਸਮੇਂ ਦੌਰਾਨ ਸਥਿਰ ਕੀਮਤਾਂ 'ਤੇ ਪ੍ਰਤੀ ਵਿਅਕਤੀ ਆਮਦਨ 51,431 ਰੁਪਏ ਤੋਂ ਵਧ ਕੇ 72,805 ਰੁਪਏ ਹੋ ਗਈ ਭਾਵ ਇਹ ਵਾਧਾ 42 ਪ੍ਰਤੀਸ਼ਤ ਦੇ ਨੇੜੇ ਸੀ।

ਸਰਕਾਰ ਵੱਲੋਂ 2014 ਵਿੱਚ ਸੱਤਾ ਸੰਭਾਲਣ ਤੋਂ ਦੋ-ਤਿੰਨ ਸਾਲਾਂ ਬਾਅਦ ਹੀ ਭਾਰਤ ਦੀ ਅਰਥ-ਵਿਵਸਥਾ ਲਗਾਤਾਰ ਗਿਰਾਵਟ ਵੱਲ ਜਾਂਦੀ ਦਿੱਸਣ ਲੱਗ ਪਈ ਸੀ ਕਿਉਂਕਿ ਲਗਪਗ ਸਾਰੇ ਹੀ ਮਹੱਤਵਪੂਰਨ ਆਰਥਿਕਤਾ ਦੇ ਸੂਚਕ, ਜਿਵੇਂ ਆਰਥਿਕ ਵਿਕਾਸ ਦਰ, ਪ੍ਰਤੀ ਵਿਅਕਤੀ ਆਮਦਨ ਵਿੱਚ ਵਾਧਾ ਦਰ, ਬੇਰੁਜ਼ਗਾਰੀ ਦਰ, ਮਹਿੰਗਾਈ ਦਰ, ਗ਼ਰੀਬੀ ਦੀ ਸਥਿਤੀ ਆਦਿ ਨੀਵੇਂ ਪੱਧਰ 'ਤੇ ਆ ਗਏ ਸਨ। ਅਜਿਹਾ ਹੋਣ ਵਿੱਚ ਕਿਸੇ ਵੀ ਬਾਹਰੀ ਅਤੇ ਅੰਤਰਰਾਸ਼ਟਰੀ ਨੀਤੀਆਂ ਤੇ ਕਾਰਕਾਂ ਦੀ ਭੂਮਿਕਾ ਨਹੀਂ ਸੀ। ਜੇਕਰ ਗਹੁ ਨਾਲ ਵਾਚਿਆ ਜਾਵੇ ਤਾਂ ਪਤਾ ਲੱਗਦਾ ਹੈ ਕਿ ਇਸ ਸਥਿਤੀ ਲਈ ਸਰਕਾਰ ਦੀਆਂ ਨੀਤੀਆਂ ਹੀ ਜ਼ਿੰਮੇਵਾਰ ਹਨ। ਭਾਵੇਂ ਕੇਂਦਰ ਸਰਕਾਰ ਨੇ ਪਿਛਲੇ 12 ਸਾਲਾਂ ਵਿੱਚ ਬਹੁਤ ਸਾਰੀਆਂ ਆਰਥਿਕ ਨੀਤੀਆਂ ਵਿੱਚ ਬਦਲਾਅ ਕੀਤੇ ਹਨ, ਜਿਵੇਂ ਕਿ ਯੋਜਨਾ ਕਮਿਸ਼ਨ ਨੂੰ ਤੋੜ ਕੇ ਨੀਤੀ ਆਯੋਗ ਬਣਾਉਣਾ, ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਕਰਨਾ, ਮੁਦਰਾ ਨੀਤੀ, ਰਾਜਕੋਸ਼ੀ ਨੀਤੀ, 2016 ਵਿੱਚ ਨੋਟਬੰਦੀ, 2017 ਗੁੱਡਜ਼ ਐਂਡ ਸਰਵਿਸ ਟੈਕਸ ਅਤੇ ਹੋਰ ਬਹੁਤ ਸਾਰੀਆਂ ਆਰਥਿਕ ਅਤੇ ਸਮਾਜਿਕ ਕਲਿਆਣ ਲਈ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ।

ਇਨ੍ਹਾਂ ਆਰਥਿਕ ਪਰਿਵਰਤਨਾਂ ਕਾਰਨ ਦੇਸ਼ ਵਿੱਚ ਆਮ ਲੋਕਾਂ ਦੀ ਰੋਜ਼ੀ ਰੋਟੀ ਕਮਾਉਣ ਦੇ ਵਸੀਲਿਆਂ ਨੂੰ ਵੱਡੀ ਢਾਹ ਲੱਗੀ ਜਿਸ ਕਾਰਨ ਲੋਕਾਂ ਦਾ ਰੁਜ਼ਗਾਰ ਖੁੱਸਿਆ, ਆਮਦਨ ਘਟੀ, ਗ਼ਰੀਬੀ ਵਧੀ ਅਤੇ ਖੁਰਾਕ ਸੁਰੱਖਿਆ ਖ਼ਤਰੇ ਵਿੱਚ ਪਈ ਅਤੇ ਬਹੁਤ ਲੋਕ ਭੁੱਖਮਰੀ ਦੇ ਕੰਢੇ ਪਹੁੰਚ ਗਏ। ਨਤੀਜੇ ਵਜੋਂ ਅੱਜ ਵੀ 81 ਕਰੋੜ ਲੋਕਾਂ ਨੂੰ ਮੁਫ਼ਤ ਰਾਸ਼ਨ ਦਿੱਤਾ ਜਾ ਰਿਹਾ ਹੈ। ਇਨ੍ਹਾਂ ਨੀਤੀਆਂ ਕਾਰਨ ਦੇਸ਼ ਵਿੱਚ ਪਿਛਲੇ ਪੰਜ ਦਹਾਕਿਆਂ ਤੋਂ ਪਹਿਲੀ ਵਾਰ ਪ੍ਰਤੀ ਵਿਅਕਤੀ ਆਮਦਨ ਘਟੀ ਕਿਉਂਕਿ ਵਿੱਤੀ ਸਾਲ 2017-18 ਤੋਂ ਲੈ ਕੇ ਹੁਣ ਤੱਕ ਪ੍ਰਤੀ ਵਿਅਕਤੀ ਆਮਦਨ ਦਰ 0.2 ਪ੍ਰਤੀਸ਼ਤ ਦੇ ਹਿਸਾਬ ਨਾਲ ਸਾਲਾਨਾ ਘੱਟ ਹੋ ਗਈ ਹੈ। ਇੱਥੇ ਹੀ ਬਸ ਨਹੀਂ ਗ਼ੈਰ-ਖੇਤੀ ਧੰਦਿਆਂ ਵਿੱਚ ਕੰਮ ਕਰਦੇ ਕਾਮਿਆਂ ਦੀ ਅਸਲ ਮਜ਼ਦੂਰੀ ਵੀ 0.2 ਪ੍ਰਤੀਸ਼ਤ ਦੇ ਹਿਸਾਬ ਨਾਲ ਘਟੀ ਅਤੇ 2016-17 ਤੋਂ ਬਾਅਦ ਹੁਣ ਤੱਕ ਅਸਲ ਮਜ਼ਦੂਰੀ ਵਿੱਚ 0.7 ਪ੍ਰਤੀਸ਼ਤ ਸਾਲਾਨਾ ਦਾ ਭਾਰੀ ਘਾਟਾ ਦਰਜ ਕੀਤਾ ਗਿਆ।

ਇਹ ਅੰਕੜੇ ਪਿਛਲੇ ਸਾਲਾਂ ਵਿੱਚ ਦੇਸ਼ ਵਿੱਚ ਵਧੀ ਗ਼ਰੀਬੀ ਅਤੇ ਗ਼ਰੀਬੀ ਘਟਣ ਦੀ ਦਰ ਵਿੱਚ ਆਈ ਕਮੀ ਵੱਲ ਇਸ਼ਾਰਾ ਕਰਦੇ ਹਨ। ਪਰ ਦੇਸ਼ ਵਿੱਚ ਗ਼ਰੀਬੀ ਦੇ ਅੰਕੜੇ ਇੱਕ ਦਹਾਕਾ ਭਾਵ 2011-12 ਦੇ ਹੀ ਮਿਲਦੇ ਹਨ। ਗ਼ਰੀਬੀ ਸਬੰਧੀ ਜਿਹੜਾ ਸਰਵੇਖਣ 2017-18 ਵਿੱਚ ਹੋਇਆ ਸੀ ਉਸ ਨੂੰ ਸਰਕਾਰ ਨੇ ਤਕਨੀਕੀ ਖਾਮੀਆਂ ਹੋਣ ਕਾਰਨ ਠੰਢੇ ਬਸਤੇ ਵਿੱਚ ਦਿੱਤਾ ਹੈ। ਸਰਕਾਰ ਨੇ ਗੁਮਰਾਹ ਕਰਨ ਲਈ ਗ਼ਰੀਬੀ ਦੀ ਪਰਿਭਾਸ਼ਾ ਨੂੰ ਬਦਲਣ ਦੀ ਕੋਸ਼ਿਸ਼ ਕੀਤੀ ਹੈ ਅਤੇ ਇੱਕ ਖੋਜ ਪੱਤਰ ਦੇ ਆਧਾਰ 'ਤੇ ਪ੍ਰਚਾਰਿਆ ਜਾ ਰਿਹਾ ਹੈ ਕਿ ਪਿਛਲੇ ਦਸ ਸਾਲਾਂ ਵਿੱਚ 25 ਕਰੋੜ ਲੋਕਾਂ ਨੂੰ ਗ਼ਰੀਬੀ ਤੋਂ ਬਾਹਰ ਕੱਢਿਆ ਗਿਆ ਹੈ। ਇਵੇਂ ਹੀ ਅੰਤਰਰਾਸ਼ਟਰੀ ਬੈਂਕ ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਅਨੁਸਾਰ ਦੇਸ਼ ਵਿੱਚ ਗ਼ਰੀਬੀ ਦੀ ਦਰ 27 ਪ੍ਰਤੀਸ਼ਤ ਤੋਂ ਘਟ ਕੇ 5 ਪ੍ਰਤੀਸ਼ਤ ਹੋਣ ਦੀ ਚਰਚਾ ਹੈ। ਇਹ ਅੰਕੜੇ ਜਿਹੜੇ ਕਿ ਅੰਤਰ-ਰਾਸ਼ਟਰੀ ਗ਼ਰੀਬੀ ਦੀ ਰੇਖਾ 3 ਡਾਲਰ, ਖ਼ਰੀਦ ਸ਼ਕਤੀ ਸਮਾਨਤਾ ਦੇ ਅਨੁਸਾਰ 60 ਰੁਪਏ ਰੋਜ਼ਾਨਾ 'ਤੇ ਆਧਾਰਿਤ ਹਨ, ਭਾਵ ਇੱਕ ਵਿਅਕਤੀ ਵੱਲੋਂ ਰੋਜ਼ਾਨਾ ਹਰ ਕਿਸਮ ਦੇ ਉਪਭੋਗਤਾ ਖਰਚਿਆਂ ਜਿਸ 'ਚ ਖਾਣ-ਪੀਣ, ਰਹਿਣ ਦਾ ਕਿਰਾਇਆ, ਸਿਹਤ ਖ਼ਰਚਾ, ਪੜ੍ਹਾਈ 'ਤੇ ਖਰਚ ਆਦਿ ਸ਼ਾਮਲ ਹਨ। ਇਹ ਵੀ ਕਿਹਾ ਗਿਆ ਹੈ ਕਿ ਅੰਤਰਰਾਸ਼ਟਰੀ ਗ਼ਰੀਬੀ ਦੀ ਰੇਖਾ, ਜਿਹੜੀ 2011-12 ਵਿੱਚ 2.1 ਡਾਲਰ ਹੁੰਦੀ ਸੀ, ਨੂੰ ਸੋਧ ਕੇ 2022-23 ਵਿੱਚ 3 ਡਾਲਰ ਕੀਤਾ ਗਿਆ ਅਤੇ ਦੇਸ਼ ਵਿੱਚ 12 ਸਾਲਾਂ ਵਿੱਚ ਲਗਪਗ 27 ਕਰੋੜ ਲੋਕ ਗ਼ਰੀਬੀ ਤੋਂ ਬਾਹਰ ਆ ਗਏ ਹਨ। ਪਰ ਸਚਾਈ ਕੁਝ ਹੋਰ ਹੈ, ਆਪਾਂ ਜਾਣਦੇ ਹਾਂ ਕਿ ਅੱਜ-ਕੱਲ੍ਹ 60 ਰੁਪਿਆਂ ਵਿੱਚ ਇੱਕ ਵਿਅਕਤੀ ਦਾ ਖ਼ਰਚ ਕਿਵੇਂ ਚੱਲ ਸਕਦਾ ਹੈ, ਉਹ ਸਿਰਫ਼ ਦੋ ਵਕਤ ਰੋਟੀ ਖਾ ਸਕਦਾ ਹੈ। ਜੇਕਰ ਅੰਤਰਰਾਸ਼ਟਰੀ ਗ਼ਰੀਬੀ ਦੀ ਰੇਖਾ ਨੂੰ ਮਾਮੂਲੀ ਉੱਚਾ ਕਰਕੇ ਦੇਖੀਏ ਤਾਂ ਸਥਿਤੀ ਬਿਲਕੁਲ ਬਦਲ ਜਾਂਦੀ ਹੈ। ਜੇਕਰ ਅੰਤਰਰਾਸ਼ਟਰੀ ਗ਼ਰੀਬੀ ਦੀ ਰੇਖਾ 4.2 ਡਾਲਰ, ਭਾਵ 84 ਰੁਪਏ ਰੋਜ਼ਾਨਾ ਕਰ ਲਈਏ ਤਾਂ ਦੇਸ਼ ਵਿੱਚ ਗ਼ਰੀਬੀ ਦੀ ਦਰ 5 ਪ੍ਰਤੀਸ਼ਤ ਤੋਂ ਵਧ ਕੇ 24 ਪ੍ਰਤੀਸ਼ਤ ਹੋ ਜਾਂਦੀ ਹੈ। ਇਸ ਲਈ ਚਾਹੀਦਾ ਹੈ ਕਿ ਗ਼ਰੀਬੀ ਰੇਖਾ ਦੀ ਅਸਲੀਅਤ ਨੂੰ ਧਿਆਨ ਵਿੱਚ ਰੱਖਦੇ ਹੋਏ ਤੈਅ ਕੀਤੀ ਜਾਵੇ ਕਿਉਂਕਿ 2009 ਤੋਂ ਬਾਅਦ ਦੇਸ਼ ਵਿੱਚ ਗ਼ਰੀਬੀ ਦੀ ਰੇਖਾ ਨੂੰ ਤੈਅ ਨਹੀਂ ਕੀਤਾ ਗਿਆ।

ਇਸ ਦੇ ਨਾਲ ਹੀ ਜਿੰਨੀਆਂ ਵੀ ਆਰਥਿਕ ਅਤੇ ਸਮਾਜਿਕ ਕਲਿਆਣ ਲਈ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ, ਜਿਵੇਂ ਪ੍ਰਧਾਨ ਮੰਤਰੀ ਜਨ ਧਨ ਯੋਜਨਾ, ਪ੍ਰਧਾਨ ਮੰਤਰੀ ਜੀਵਨ ਜਯੋਤੀ ਬੀਮਾ ਯੋਜਨਾ, ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ, ਪ੍ਰਧਾਨ ਮੰਤਰੀ ਫ਼ਸਲ ਬੀਮਾ ਯੋਜਨਾ, ਮੇਕ ਇਨ ਇੰਡੀਆ, 100 ਸਮਾਰਟ ਸਿਟੀ ਯੋਜਨਾ, ਹਰ ਸਾਲ ਦੋ ਕਰੋੜ ਲੋਕਾਂ ਨੂੰ ਰੁਜ਼ਗਾਰ ਦੇਣ ਦੀ ਯੋਜਨਾ, ਗ਼ਰੀਬ ਲੋਕਾਂ ਨੂੰ ਘਰ ਬਣਾ ਕੇ ਦੇਣ, ਰਸੋਈ ਗੈਸ, ਪਬਲਿਕ ਗੁਸਲਖਾਨੇ ਬਣਾਉਣ ਦੀਆਂ ਯੋਜਨਾਵਾਂ ਆਦਿ, ਨੂੰ ਬੜੇ ਜੋਸ਼ੋ-ਖਰੋਸ਼ ਨਾਲ ਸ਼ੁਰੂ ਕੀਤਾ ਗਿਆ ਪਰ ਬਹੁਤੀਆਂ ਨੇ ਅੱਧ-ਵਿਚਕਾਰ ਹੀ ਦਮ ਤੋੜ ਦਿੱਤਾ ਜਾਂ ਲੋੜਵੰਦਾਂ ਨੂੰ ਫਾਇਦਾ ਪਹੁੰਚਾਉਣ ਦੀ ਬਜਾਏ ਇਹ ਯੋਜਨਾਵਾਂ ਕਾਰਪੋਰੇਟ ਘਰਾਣਿਆਂ ਦੇ ਹਿੱਤ ਵਿੱਚ ਭੁਗਤੀਆਂ ਹਨ।

ਹੁਣ ਦੇਸ਼ ਵਿੱਚ ਪਿਛਲੇ ਕੁਝ ਸਾਲਾਂ ਤੋਂ ਵਧ ਰਹੀ ਹਰ ਕਿਸਮ ਦੀ ਮਹਿੰਗਾਈ ਦੀ ਗੱਲ ਕਰੀਏ ਤਾਂ ਪਤਾ ਲੱਗਦਾ ਹੈ ਕਿ ਅੱਜ ਪ੍ਰਚੂਨ ਅਤੇ ਥੋਕ ਮਹਿੰਗਾਈ ਦੀਆਂ ਦਰਾਂ, ਜੋ ਕੁਝ ਸਾਲਾਂ ਤੋਂ ਲਗਾਤਾਰ ਵਧ ਰਹੀਆਂ ਹਨ, 12 ਸਾਲਾਂ ਵਿੱਚ ਸਭ ਤੋਂ ਉੱਚੇ ਪੱਧਰ 'ਤੇ ਹਨ। ਹੁਣ ਖ਼ਾਸ ਕਰ ਕੇ ਫਾਰਸ ਦੀ ਖਾੜੀ ਦੇ ਦੇਸ਼ਾਂ ਵਿੱਚ ਲੜਾਈ ਦੇ ਦੌਰਾਨ ਦੇਸ਼ ਵਿੱਚ ਤੇਲ ਪਦਾਰਥਾਂ ਦੀਆਂ ਕੀਮਤਾਂ ਵਿੱਚ ਲਗਾਤਾਰ ਚੋਖਾ ਵਾਧਾ ਹੋਇਆ ਹੈ ਜਿਸ ਨਾਲ ਦੇਸ਼ ਦੇ ਗ਼ਰੀਬ ਲੋਕ ਇਸ ਮਹਿੰਗਾਈ ਦੀ ਮਾਰ ਸਭ ਤੋਂ ਵੱਧ ਝੱਲ ਰਹੇ ਹਨ। ਪਿਛਲੇ ਸਮੇਂ ਦੌਰਾਨ ਪੈਟਰੋਲੀਅਮ ਪਦਾਰਥਾਂ, ਖਾਣ ਵਾਲੇ ਤੇਲਾਂ, ਖਾਧ ਪਦਾਰਥਾਂ ਅਤੇ ਹੋਰ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਵਿੱਚ ਬੇਹਿਸਾਬ ਵਾਧਾ ਹੋਇਆ ਹੈ। ਨਤੀਜੇ ਵਜੋਂ ਇਹ ਪਦਾਰਥ ਆਮ ਲੋਕਾਂ ਦੀ ਪਹੁੰਚ 'ਚੋਂ ਬਾਹਰ ਹੁੰਦੇ ਜਾ ਰਹੇ ਹਨ। ਵਧ ਰਹੀ ਮਹਿੰਗਾਈ ਦੇ ਅਸਲ ਕਾਰਨ ਸਰਕਾਰ ਵੱਲੋਂ ਨੀਤੀਆਂ ਨਾਲ ਗ਼ਲਤ ਛੇੜਛਾੜ, ਕਾਰਪੋਰੇਟ ਘਰਾਣਿਆਂ ਨੂੰ ਮਣਾਂ-ਮੂੰਹੀਂ ਮੁਨਾਫ਼ਾ ਕਮਾਉਣ ਦੀ ਖੁੱਲ੍ਹ ਦੇਣਾ ਅਤੇ ਸਰਕਾਰ ਦੀਆਂ ਹੋਰ ਆਰਥਿਕ ਤਰਜੀਹਾਂ ਹਨ, ਭਾਵ ਮਹਿੰਗਾਈ ਲਈ ਜ਼ਿੰਮੇਵਾਰ ਕਾਰਕ ਅੰਦਰੂਨੀ ਹਨ ਹਾਲਾਂਕਿ ਅੰਤਰਰਾਸ਼ਟਰੀ ਕਾਰਕਾਂ ਨੇ ਵੀ ਥੋੜ੍ਹਾ ਯੋਗਦਾਨ ਪਾਇਆ ਹੈ। ਇੱਥੇ ਸਰਕਾਰ ਦੀਆਂ ਆਰਥਿਕ ਤਰਜੀਹਾਂ ਤੋਂ ਮਤਲਬ ਹੈ ਕਿ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਮੁਨਾਫ਼ਾਖੋਰੀ ਵਾਲੀਆਂ ਨੀਤੀਆਂ ਉੱਪਰ ਚੱਲ ਰਹੀ ਹੈ। ਇਹੀ ਕਾਰਨ ਹੈ ਕਿ ਭਾਰਤ ਵਿੱਚ ਲਗਾਤਾਰ ਅਰਬਪਤੀਆਂ ਦੀ ਗਿਣਤੀ ਵਿੱਚ ਚੋਖਾ ਵਾਧਾ ਹੋ ਰਿਹਾ ਹੈ।

ਚਾਹੀਦਾ ਤਾਂ ਇਹ ਸੀ ਕਿ ਸਰਕਾਰ ਨੀਤੀਆਂ ਵਿੱਚ ਲੋਕਪੱਖੀ ਤਬਦੀਲੀਆਂ ਕਰਕੇ ਆਮ ਲੋਕਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਂਦੀ ਜਿਸ ਨਾਲ ਲੋਕਾਂ ਦੀ ਆਮਦਨ ਵਧਦੀ ਅਤੇ ਮਹਿੰਗਾਈ ਤੋਂ ਆਮ ਆਦਮੀ ਨੂੰ ਰਾਹਤ ਮਿਲਦੀ। ਪਰ ਅਜਿਹਾ ਨਹੀਂ ਹੋਇਆ ਅਤੇ ਦੇਸ਼ ਦੀ ਆਬਾਦੀ ਦਾ ਇਕ ਵੱਡਾ ਹਿੱਸਾ ਘੋਰ ਗ਼ਰੀਬੀ ਵਿੱਚ ਧੱਕਿਆ ਗਿਆ ਅਤੇ ਭੁੱਖਮਰੀ ਦੇ ਕੰਢੇ ਪਹੁੰਚ ਗਿਆ।

*** ਸਾਬਕਾ ਡੀਨ ਅਤੇ ਪ੍ਰੋਫੈਸਰ, ਪੰਜਾਬੀ ਯੂਨੀਵਰਸਿਟੀ ਪਟਿਆਲਾ।**

## ਚੇਅਰਮੈਨ ਤੇਜਿੰਦਰ ਮਹਿਤਾ ਅਤੇ ਅਮਰਜੀਤ ਸਿੰਘ ਰਾਮਗੜ੍ਹੀਆ ਵੱਲੋਂ ਤਨਵੀਰ ਸਿੰਘ ਧੀਮਾਨ ਦਾ ਸਨਮਾਨ



**ਰਾਮਗੜ੍ਹੀਆ ਵੈਲਫੇਅਰ ਬੋਰਡ ਦੇ ਨਵਨਿਯੁਕਤ ਜ਼ਿਲ੍ਹਾ ਚੇਅਰਮੈਨ ਤਨਵੀਰ ਸਿੰਘ ਧੀਮਾਨ ਨੂੰ ਸਨਮਾਨਿਤ ਕਰਦੇ ਹੋਏ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ, ਰਾਮਗੜ੍ਹੀਆ ਵੈਲਫੇਅਰ ਬੋਰਡ ਦੇ ਸਟੇਟ ਮੈਂਬਰ ਅਮਰਜੀਤ ਸਿੰਘ ਰਾਮਗੜ੍ਹੀਆ ਅਤੇ ਹੋਰ।**

**ਪਟਿਆਲਾ, 13 ਜੂਨ**
**-ਅਮਨਦੀਪ ਸੱਭਰਵਾਲ-**

ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ ਅਤੇ ਰਾਮਗੜ੍ਹੀਆ ਵੈਲਫੇਅਰ ਬੋਰਡ ਦੇ ਸਟੇਟ ਮੈਂਬਰ ਅਮਰਜੀਤ ਸਿੰਘ ਰਾਮਗੜ੍ਹੀਆ ਵੱਲੋਂ ਰਾਮਗੜ੍ਹੀਆ ਵੈਲਫੇਅਰ ਬੋਰਡ ਦੇ ਨਵਨਿਯੁਕਤ ਜ਼ਿਲ੍ਹਾ ਚੇਅਰਮੈਨ ਤਨਵੀਰ ਸਿੰਘ ਧੀਮਾਨ ਦਾ ਜ਼ਿਲ੍ਹਾ ਯੋਜਨਾ ਕਮੇਟੀ ਦੇ ਦਫ਼ਤਰ ਵਿਖੇ ਸਨਮਾਨ ਕੀਤਾ ਗਿਆ।

ਇਸ ਮੌਕੇ ਤੇਜਿੰਦਰ ਮਹਿਤਾ ਅਤੇ ਅਮਰਜੀਤ ਸਿੰਘ ਰਾਮਗੜ੍ਹੀਆ ਨੇ ਤਨਵੀਰ ਸਿੰਘ ਧੀਮਾਨ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਮਾਜ ਸੇਵਾ ਦੀ ਭਾਵਨਾ ਨਾਲ ਕੰਮ ਕਰਨ ਵਾਲੇ ਆਗੂਆਂ ਨੂੰ ਵੱਖ-ਵੱਖ ਬੋਰਡਾਂ ਅਤੇ ਸੰਸਥਾਵਾਂ ਵਿੱਚ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਤਨਵੀਰ ਸਿੰਘ ਧੀਮਾਨ ਦੀ ਨਿਯੁਕਤੀ ਨਾਲ ਰਾਮਗੜ੍ਹੀਆ ਭਾਈਚਾਰੇ ਦੀਆਂ ਉਮੀਦਾਂ ਨੂੰ ਨਵਾਂ ਬਲ ਮਿਲੇਗਾ ਅਤੇ ਉਹ ਆਪਣੇ ਅਹੁਦੇ ਦੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।

ਤਨਵੀਰ ਸਿੰਘ ਧੀਮਾਨ ਨੇ ਇਸ ਮੌਕੇ ਤੇਜਿੰਦਰ ਮਹਿਤਾ ਅਤੇ ਅਮਰਜੀਤ ਸਿੰਘ ਰਾਮਗੜ੍ਹੀਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਉੱਤੇ ਜਤਾਏ ਗਏ ਭਰੋਸੇ 'ਤੇ ਖਰਾ ਉਤਰਨ ਲਈ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਰਾਮਗੜ੍ਹੀਆ ਵੈਲਫੇਅਰ ਬੋਰਡ ਰਾਹੀਂ ਭਾਈਚਾਰੇ ਦੇ ਹਿੱਤਾਂ ਦੀ ਰਾਖੀ ਅਤੇ ਭਲਾਈ ਲਈ ਲਗਾਤਾਰ ਯਤਨ ਕੀਤੇ ਜਾਣਗੇ।

ਇਸ ਮੌਕੇ ਖਤਰੀ ਅਰੋੜਾ ਵੈਲਫੇਅਰ ਬੋਰਡ ਦੇ ਜਿਲ੍ਹਾ ਚੇਅਰਮੈਨ ਗੁਰਬਖਸ਼ ਓਬਰਾਏ, ਰਾਮਗੜ੍ਹੀਆ ਅਕਾਲ ਜੱਥੇਬੰਦੀ ਪੰਜਾਬ ਦੇ ਸਰਪ੍ਰਸਤ ਜਗਜੀਤ ਸਿੰਘ ਸੱਗੂ, ਵਿਸ਼ਵਕਰਮਾ ਮੰਦਰ ਕਮੇਟੀ ਦੇ ਸੀਨੀਅਰ ਉਪ ਪ੍ਰਧਾਨ ਸੁਰਜੀਤ ਸਿੰਘ ਧੀਮਾਨ, ਗੁਰਦਰਸ਼ਨ ਸਿੰਘ ਓਬਰਾਏ, ਸੁਰਿੰਦਰ ਜੰਡੂ, ਗੁਰਦੀਪ ਸਿੰਘ ਮਾਹਲ, ਆਮ ਆਦਮੀ ਪਾਰਟੀ ਦੇ ਸੋਸ਼ਲ ਮੀਡੀਆ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸੁਮੀਤ ਟਕੇਜਾ, ਅਮਿਤ ਕੁਮਾਰ, ਹੈਰੀ ਢੋਟ, ਵੰਸ਼ ਕੁਮਾਰ ਅਤੇ ਹੋਰ ਪਤਵੰਤੇ ਲੋਕ ਹਾਜ਼ਰ ਸਨ।

## ਛੇਵੇਂ ਪਾਤਸ਼ਾਹ ਵੱਲੋਂ ਪਹਿਲੀ ਜੰਗ ਫ਼ਤਹਿ ਕਰਨ ਦੀ ਯਾਦ 'ਚ ਸਜਾਇਆ ਨਗਰ ਕੀਰਤਨ

**ਅੰਮ੍ਰਿਤਸਰ, 13 ਜੂਨ**
**-ਸ਼.ਅ.ਬਿਓਰੋ-**

)ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੁਆਰਾ ਮੁਗਲ ਫ਼ੌਜਾਂ ਨਾਲ ਹੋਏ ਪਹਿਲੇ ਯੁੱਧ ਨੂੰ ਫ਼ਤਹਿ ਕਰਨ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਹੰਗ ਸਿੰਘ ਜਥੇਬੰਦੀਆਂ, ਸਭਾ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਅੱਜ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਤੋਂ ਗੁਰਦੁਆਰਾ ਕਿਲ੍ਹਾ ਸ੍ਰੀ ਲੋਹਗੜ੍ਹ ਸਾਹਿਬ ਤੱਕ ਵਿਸ਼ੇਸ਼ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦੀ ਆਰੰਭਤਾ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਦਲ ਪੰਥ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਵਧੀਕ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੈਨੇਜਰ ਸ. ਜਤਿੰਦਰਪਾਲ ਸਿੰਘ, ਹੈੱਡ ਗ੍ਰੰਥੀ ਗਿਆਨੀ ਦਇਆ ਸਿੰਘ, ਸ. ਨਿਰਮਲ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਨਗਰ ਕੀਰਤਨ ਦੀ ਆਰੰਭਤਾ ਸਮੇਂ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ ਗਏ। ਨਗਰ ਕੀਰਤਨ ਵਿਚ ਨਿਹੰਗ ਸਿੰਘ ਘੋੜਿਆਂ ਤੇ ਹਾਥੀਆਂ ਸਮੇਤ ਸ਼ਾਮਲ ਹੋਏ ਅਤੇ ਰਸਤੇ ਵਿਚ ਵੱਖ-ਵੱਖ ਥਾਵਾਂ 'ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ ਨੇ ਦੱਸਿਆ ਕਿ ਛੇਵੇਂ ਪਾਤਸ਼ਾਹ ਵੱਲੋਂ ਕਿਲ੍ਹਾ ਸ੍ਰੀ ਲੋਹਗੜ੍ਹ ਸਾਹਿਬ ਵਿਖੇ ਲੜੀ ਪਹਿਲੀ ਜੰਗ ਨੂੰ ਫ਼ਤਹਿ ਕਰਨ ਦੀ ਯਾਦ ਵਿਚ 14 ਜੂਨ ਨੂੰ ਗੁਰਦੁਆਰਾ ਕਿਲ੍ਹਾ ਸ੍ਰੀ ਲੋਹਗੜ੍ਹ ਸਾਹਿਬ ਵਿਖੇ ਗੁਰਮਤਿ ਸਮਾਗਮ ਹੋਣਗੇ।

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354
ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।
Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807



# ਬਿਨਾਂ ਕਿਸੇ ਪ੍ਰੀਮੀਅਮ ਭੁਗਤਾਨ ਦੇ ਸਿਹਤ ਸੁਰੱਖਿਆ ਪ੍ਰਦਾਨ ਕਰ ਰਹੀ 'ਮੁੱਖ ਮੰਤਰੀ ਸਿਹਤ ਯੋਜਨਾ', ਨਿੱਜੀ ਸਿਹਤ ਬੀਮੇ ਦਾ ਕਿਫਾਇਤੀ ਵਿਕਲਪ ਬਣ ਕੇ ਉੱਭਰੀ

**ਚੰਡੀਗੜ੍ਹ, 13 ਜੂਨ**
**-ਸ਼.ਅ.ਬਿਓਰੋ-**

ਅਜਿਹੇ ਸਮੇਂ ਵਿੱਚ ਜਦੋਂ ਸਿਹਤ ਸੇਵਾਵਾਂ ਦੀ ਵਧ ਰਹੀ ਲਾਗਤ ਪਰਿਵਾਰਾਂ ਉੱਤੇ ਲਗਾਤਾਰ ਆਰਥਿਕ ਬੋਝ ਵਧਾ ਰਹੀ ਹੈ, ਭਗਵੰਤ ਮਾਨ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਇੱਕ ਵਿਆਪਕ ਅਤੇ ਕਿਫਾਇਤੀ ਸਿਹਤ ਸੁਰੱਖਿਆ ਯੋਜਨਾ ਵਜੋਂ ਉੱਭਰ ਰਹੀ ਹੈ, ਜੋ ਰਵਾਇਤੀ ਨਿੱਜੀ ਸਿਹਤ ਬੀਮਾ ਯੋਜਨਾਵਾਂ ਦੇ ਮੁਕਾਬਲੇ ਕਈ ਮਹੱਤਵਪੂਰਨ ਲਾਭ ਪ੍ਰਦਾਨ ਕਰਦੀ ਹੈ।

ਯੋਜਨਾ ਦੇ ਪ੍ਰਭਾਵ ਬਾਰੇ ਜਾਣਕਾਰੀ ਦਿੰਦਿਆਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਹੋਣ ਦੇ ਪੰਜ ਮਹੀਨਿਆਂ ਅੰਦਰ 2,26,822 ਤੋਂ ਵੱਧ ਮਰੀਜ਼ਾਂ ਦਾ 3,65,340 ਇਲਾਜ ਪ੍ਰਕਿਰਿਆਵਾਂ ਰਾਹੀਂ 632.50 ਕਰੋੜ ਰੁਪਏ ਦੀ ਲਾਗਤ ਨਾਲ ਇਲਾਜ ਕੀਤਾ ਗਿਆ ਹੈ। ਨਿੱਜੀ ਸਿਹਤ ਬੀਮਾ ਉਨ੍ਹਾਂ ਲੋਕਾਂ ਲਈ ਇੱਕ ਵਿਕਲਪ ਹੋ ਸਕਦਾ ਹੈ ਜੋ ਆਪਣੀਆਂ ਲੋੜਾਂ ਅਨੁਸਾਰ ਵਿਸ਼ੇਸ਼ ਕਵਰੇਜ ਚਾਹੁੰਦੇ ਹਨ, ਪਰ ਮੁੱਖ ਮੰਤਰੀ ਸਿਹਤ ਯੋਜਨਾ ਇਸ ਉਦੇਸ਼ ਨਾਲ ਤਿਆਰ ਕੀਤੀ ਗਈ ਹੈ ਕਿ ਪੰਜਾਬ ਦਾ ਹਰ ਯੋਗ ਨਿਵਾਸੀ ਬਿਨਾਂ ਆਰਥਿਕ ਮੁਸ਼ਕਲ ਦੇ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਤੱਕ ਪਹੁੰਚ ਹਾਸਲ ਕਰ ਸਕੇ।



ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਸਿਹਤ ਮੰਤਰੀ ਨੇ ਕਿਹਾ, ਨਿੱਜੀ ਬੀਮੇ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਵਿਚਕਾਰ ਸਭ ਤੋਂ ਵੱਡਾ ਫ਼ਰਕ ਪ੍ਰੀਮੀਅਮ ਭੁਗਤਾਨ ਦਾ ਨਾ ਹੋਣਾ ਹੈ। ਜਿੱਥੇ ਨਿੱਜੀ ਸਿਹਤ ਬੀਮਾ ਪਾਲਿਸੀਆਂ ਲਈ ਹਰ ਸਾਲ ਹਜ਼ਾਰਾਂ ਰੁਪਏ ਦਾ ਪ੍ਰੀਮੀਅਮ ਦੇਣਾ ਪੈਂਦਾ ਹੈ, ਜੋ ਉਮਰ ਵਧਣ ਨਾਲ ਹੋਰ ਵਧ ਜਾਂਦਾ ਹੈ, ਉੱਥੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਲਾਭਪਾਤਰੀਆਂ ਨੂੰ ਇਹ ਸਿਹਤ ਕਵਰੇਜ ਪੂਰੀ ਤਰ੍ਹਾਂ ਮੁਫ਼ਤ ਮੁਹੱਈਆ ਕਰਵਾਈ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਕੈਂਸਰ ਇਲਾਜ, ਦਿਲ ਦੀਆਂ ਬੀਮਾਰੀਆਂ ਦਾ ਇਲਾਜ, ਡਾਇਲਿਸਿਸ, ਇੰਟੈਂਸਿਵ ਕੇਅਰ ਸੇਵਾਵਾਂ ਅਤੇ ਹੋਰ ਵਿਸ਼ੇਸ਼ ਇਲਾਜ ਪ੍ਰਕਿਰਿਆਵਾਂ ਸਮੇਤ 2,300 ਤੋਂ ਵੱਧ ਇਲਾਜ ਪੈਕੇਜ ਉਪਲੱਬਧ ਕਰਵਾਏ ਜਾਂਦੇ ਹਨ। ਨਿੱਜੀ ਬੀਮਾ ਯੋਜਨਾਵਾਂ ਵਿੱਚ ਜਿੱਥੇ ਕਵਰੇਜ ਦਾ ਦਾਇਰਾ ਭੁਗਤਾਨ ਕੀਤੇ ਪ੍ਰੀਮੀਅਮ ਅਤੇ ਚੁਣੀ ਗਈ ਪਾਲਿਸੀ 'ਤੇ ਨਿਰਭਰ ਕਰਦਾ ਹੈ, ਉੱਥੇ ਮੁੱਖ ਮੰਤਰੀ ਸਿਹਤ ਯੋਜਨਾ ਸਾਰੇ ਯੋਗ ਲਾਭਪਾਤਰੀਆਂ ਨੂੰ ਇੱਕੋ ਜਿਹੀਆਂ ਸਹੂਲਤਾਂ ਪ੍ਰਦਾਨ ਕਰਦੀ ਹੈ। ਯੋਜਨਾ ਦਾ ਇੱਕ ਹੋਰ ਵੱਡਾ ਫ਼ਾਇਦਾ ਇਹ ਹੈ ਕਿ ਪ੍ਰੀ-ਐਗਜ਼ਿਸਟਿੰਗ ਬੀਮਾਰੀਆਂ ਲਈ ਤੁਰੰਤ ਕਵਰੇਜ ਉਪਲੱਬਧ ਹੈ। ਨਿੱਜੀ ਬੀਮਾ ਕੰਪਨੀਆਂ ਆਮ ਤੌਰ 'ਤੇ ਡਾਇਬਿਟੀਜ਼, ਹਾਈਪਰਟੈਨਸ਼ਨ ਅਤੇ ਦਿਲ ਦੀਆਂ ਬੀਮਾਰੀਆਂ ਵਰਗੀਆਂ ਸਥਿਤੀਆਂ ਲਈ ਦੋ ਤੋਂ ਚਾਰ ਸਾਲ ਤੱਕ ਦੀ ਉਡੀਕ ਮਿਆਦ ਲਾਗੂ ਕਰਦੀਆਂ ਹਨ, ਜਿਸ ਤੋਂ ਬਾਅਦ ਹੀ ਇਲਾਜ 'ਤੇ ਹੋਏ ਖ਼ਰਚੇ ਦਾ ਦਾਅਵਾ ਕੀਤਾ ਜਾ ਸਕਦਾ ਹੈ।

ਉਨ੍ਹਾਂ ਕਿਹਾ, ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਯੋਗ ਲਾਭਪਾਤਰੀ ਆਪਣੇ ਪੁਰਾਣੇ ਡਾਕਟਰੀ ਇਤਿਹਾਸ ਦੀ ਪਰਵਾਹ ਕੀਤੇ ਬਿਨਾਂ ਪਹਿਲੇ ਹੀ ਦਿਨ ਤੋਂ ਇਲਾਜ ਦਾ ਲਾਭ ਲੈ ਸਕਦੇ ਹਨ। ਸਿਹਤ ਮੰਤਰੀ ਨੇ ਕਿਹਾ ਕਿ ਇਹ ਯੋਜਨਾ ਖ਼ਾਸ ਤੌਰ 'ਤੇ ਸੀਨੀਅਰ ਨਾਗਰਿਕਾਂ ਲਈ ਬਹੁਤ ਲਾਭਕਾਰੀ ਸਾਬਤ ਹੋਈ ਹੈ, ਜਿਨ੍ਹਾਂ ਨੂੰ ਨਿੱਜੀ ਬੀਮਾ ਯੋਜਨਾਵਾਂ ਵਿੱਚ ਅਕਸਰ ਵੱਧ ਪ੍ਰੀਮੀਅਮ ਅਤੇ ਕਵਰੇਜ ਸਬੰਧੀ ਪਾਬੰਦੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਜ਼ੁਰਗ ਨਾਗਰਿਕਾਂ ਨੂੰ ਬਿਨਾਂ ਕਿਸੇ ਵਾਧੂ ਵਿੱਤੀ ਬੋਝ ਦੇ ਸਮਾਨ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ।

ਡਾ. ਬਲਬੀਰ ਸਿੰਘ ਨੇ ਅੱਗੇ ਦੱਸਿਆ ਕਿ ਯੋਜਨਾ ਤਹਿਤ ਪੰਜਾਬ ਭਰ ਵਿੱਚ 850 ਸੂਚੀਬੱਧ ਹਸਪਤਾਲਾਂ ਦੇ ਨੈੱਟਵਰਕ ਰਾਹੀਂ ਇਲਾਜ ਸਹੂਲਤਾਂ ਉਪਲੱਬਧ ਹਨ, ਜਿਨ੍ਹਾਂ ਵਿੱਚ ਨਿੱਜੀ ਹਸਪਤਾਲਾਂ ਦੇ ਨਾਲ-ਨਾਲ ਸਰਕਾਰੀ ਸਿਹਤ ਸੰਸਥਾਵਾਂ ਵੀ ਸ਼ਾਮਲ ਹਨ। ਉਨ੍ਹਾਂ ਕਿਹਾ, ਰਿਇੰਬਰਸਮੈਂਟ ਆਧਾਰਿਤ ਬੀਮਾ ਪ੍ਰਣਾਲੀਆਂ ਦੇ ਉਲਟ, ਮੁੱਖ ਮੰਤਰੀ ਸਿਹਤ ਯੋਜਨਾ ਮੁੱਖ ਤੌਰ 'ਤੇ ਕੈਸ਼ਲੈੱਸ ਅਤੇ ਪੇਪਰਲੈੱਸ ਇਲਾਜ ਪ੍ਰਕਿਰਿਆ ਪ੍ਰਦਾਨ ਕਰਦੀ ਹੈ, ਜਿਸ ਨਾਲ ਲਾਭਪਾਤਰੀ ਘੱਟੋ-ਘੱਟ ਦਸਤਾਵੇਜ਼ਾਂ ਨਾਲ ਸਿਹਤ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ ਅਤੇ ਪ੍ਰਸ਼ਾਸਨਿਕ ਦੇਰੀ ਤੋਂ ਵੀ ਬਚ ਸਕਦੇ ਹਨ।

ਦੋਵੇਂ ਸਿਹਤ ਸੁਰੱਖਿਆ ਮਾਡਲਾਂ ਦੀ ਤੁਲਨਾ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਿੱਜੀ ਬੀਮਾ ਯੋਜਨਾਵਾਂ ਅਨੁਕੂਲਿਤ ਕਵਰੇਜ ਅਤੇ ਵਾਧੂ ਲਾਭ ਪ੍ਰਦਾਨ ਕਰ ਸਕਦੀਆਂ ਹਨ। ਉਨ੍ਹਾਂ ਕਿਹਾ, ਹਾਲਾਂਕਿ, ਇਨ੍ਹਾਂ ਵਿੱਚ ਅਕਸਰ ਐਕਸਕਲੂਜ਼ਨ, ਸਹਿ-ਭੁਗਤਾਨ (ਕੋ-ਪੇਮੈਂਟ), ਸਬ-ਲਿਮਿਟ, ਉਡੀਕ ਮਿਆਦ ਅਤੇ ਉਮਰ ਦੇ ਨਾਲ ਵਧਣ ਵਾਲੇ ਪ੍ਰੀਮੀਅਮ ਵਰਗੀਆਂ ਸ਼ਰਤਾਂ ਹੁੰਦੀਆਂ ਹਨ, ਜੋ ਕਈ ਪਰਿਵਾਰਾਂ ਲਈ ਇਨ੍ਹਾਂ ਨੂੰ ਘੱਟ ਕਿਫ਼ਾਇਤੀ ਬਣਾਉਂਦੀਆਂ ਹਨ। ਇਸ ਤੋਂ ਇਲਾਵਾ, ਨਿੱਜੀ ਬੀਮਾ ਕਵਰੇਜ ਮੁੱਖ ਤੌਰ 'ਤੇ ਸ਼ਹਿਰੀ ਅਤੇ ਆਰਥਿਕ ਤੌਰ 'ਤੇ ਸਮਰੱਥ ਪਰਿਵਾਰਾਂ ਤੱਕ ਸੀਮਿਤ ਹੈ, ਜਦਕਿ ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਦੇ ਹਰ ਯੋਗ ਰਜਿਸਟਰਡ ਪਰਿਵਾਰ ਲਈ ਉਪਲੱਬਧ ਹੈ।

ਉਨ੍ਹਾਂ ਕਿਹਾ, ਭਗਵੰਤ ਮਾਨ ਸਰਕਾਰ ਦਾ ਦ੍ਰਿੜ੍ਹ ਵਿਸ਼ਵਾਸ ਹੈ ਕਿ ਸਿਹਤ ਸੇਵਾਵਾਂ ਕਿਸੇ ਵਿਅਕਤੀ ਦੀ ਆਰਥਿਕ ਸਮਰੱਥਾ 'ਤੇ ਨਿਰਭਰ ਨਹੀਂ ਹੋਣੀਆਂ ਚਾਹੀਦੀਆਂ। ਮੁੱਖ ਮੰਤਰੀ ਸਿਹਤ ਯੋਜਨਾ ਰਾਹੀਂ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਪੰਜਾਬ ਦੇ ਹਰ ਯੋਗ ਨਾਗਰਿਕ ਲਈ ਆਸਾਨੀ ਨਾਲ ਅਤੇ ਕਿਫ਼ਾਇਤੀ ਢੰਗ ਨਾਲ ਉਪਲੱਬਧ ਹੋਣ।

ਡਾ. ਬਲਬੀਰ ਸਿੰਘ ਨੇ ਜਾਣਕਾਰੀ ਦਿੱਤੀ ਕਿ ਯੋਜਨਾ ਤਹਿਤ ਹੁਣ ਤੱਕ 46.21 ਲੱਖ ਤੋਂ ਵੱਧ ਸਿਹਤ ਕਾਰਡ ਰਜਿਸਟਰ ਕੀਤੇ ਜਾ ਚੁੱਕੇ ਹਨ, ਜਿਨ੍ਹਾਂ ਰਾਹੀਂ ਰਾਜ ਦੇ ਲਗਭਗ 22 ਲੱਖ ਪਰਿਵਾਰਾਂ ਨੂੰ ਕਵਰੇਜ ਮਿਲੀ ਹੈ। ਉਨ੍ਹਾਂ ਕਿਹਾ, ਯੋਜਨਾ ਨੂੰ ਮਿਲ ਰਹੀ ਭਰਵੀਂ ਪ੍ਰਤੀਕਿਰਿਆ ਸਾਰਿਆਂ ਲਈ ਸਿਹਤ ਸੁਰੱਖਿਆ ਦੀ ਵਧ ਰਹੀ ਲੋੜ ਨੂੰ ਦਰਸਾਉਂਦੀ ਹੈ ਅਤੇ ਸਿਹਤ ਸੇਵਾਵਾਂ 'ਤੇ ਹੋਣ ਵਾਲੇ ਜੇਬ ਖ਼ਰਚੇ ਨੂੰ ਘਟਾਉਣ ਅਤੇ ਸਮਾਜ ਦੇ ਹਰ ਵਰਗ ਤੱਕ ਗੁਣਵੱਤਾ ਭਰਿਆ ਇਲਾਜ ਪਹੁੰਚਾਉਣ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਵੀ ਦਰਸਾਉਂਦੀ ਹੈ। ਪੰਜਾਬ ਸਰਕਾਰ ਮੁੱਖ ਮੰਤਰੀ ਸਿਹਤ ਯੋਜਨਾ ਦੇ ਦਾਇਰੇ ਦਾ ਅੱਗੇ ਹੋਰ ਵਿਸਥਾਰ ਕਰਦੀ ਰਹੇਗੀ ਤਾਂ ਜੋ ਕਿਸੇ ਵੀ ਪਰਿਵਾਰ ਨੂੰ ਸਿਹਤ ਅਤੇ ਆਰਥਿਕ ਸੁਰੱਖਿਆ ਵਿਚੋਂ ਇੱਕ ਦੀ ਚੋਣ ਕਰਨ ਲਈ ਮਜ਼ਬੂਰ ਨਾ ਹੋਣਾ ਪਵੇ।

# ਨਸ਼ੇ ਵਾਲੇ ਗਾਹਕਾਂ ਦਾ ਇੰਤਜ਼ਾਰ ਕਰਦੀ ਔਰਤ ਕਾਬੂ

**ਸਮਾਣਾ 13 ਜੂਨ**
**-ਵਿਸ਼ਾਲ ਗੁਪਤਾ-**

ਸਿਟੀ ਪੁਲਿਸ ਨੇ ਇੱਕ ਔਰਤ ਨੂੰ 3 ਗ੍ਰਾਮ ਨਸ਼ੀਲੇ ਪਾਊਡਰ ਸਣੇ ਕਾਬੂ ਕਰਕੇ ਉਸ ਖਿਲਾਫ ਨਸ਼ਾ ਵਿਰੋਧੀ ਐਕਟ ਦੀਆਂ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਔਰਤ ਦੀ ਪਹਿਚਾਣ ਕਿਰਨਾ ਪਤਨੀ ਸੁਰਿੰਦਰ ਸਿੰਘ ਵਾਸੀ ਪਿੰਡ ਮੁਰਾਦਪੁਰਾ ਵਜੋਂ ਹੋਈ।

ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਕਰਨਪਾਲ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਣੇ ਟੀ- ਪੁਆਇੰਟ ਪਿੰਡ ਕੁਤਬਨਪੁਰ ਮੌਜੂਦ ਸੀ, ਕਿ ਇਸ ਦੌਰਾਨ ਇਤਲਾਹ ਮਿਲੀ ਕਿ ਦੋਸ਼ਣ ਨਸ਼ੀਲਾ ਪਾਊਡਰ ਵੇਚਣ ਲਈ ਗਾਹਕਾ ਦਾ ਇੰਤਜ਼ਾਰ ਕਰ ਰਹੀ ਹੈ, ਮੌਕੇ ਤੇ ਕੀਤੀ ਰੇਡ ਦੌਰਾਨ ਉਸ ਕੋਲੋਂ ਤਿੰਨ ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਹੋਣ 'ਤੇ ਉਸ ਨੂੰ ਕਾਬੂ ਕਰ ਲਿਆ।

ਅਧਿਕਾਰੀ ਅਨੁਸਾਰ ਮੁਲਜ਼ਮ ਔਰਤ ਨੂੰ ਮਾਣਯੋਗ ਅਦਾਲਤ 'ਚ ਪੇਸ਼ ਕਰ ਮਿਲੇ ਹੁਕਮਾਂ ਅਨੁਸਾਰ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ।

# ਮਿਸ਼ਨ ਕਲੀਨ ਪੰਜਾਬ' ਤਹਿਤ ਲੁਧਿਆਣਾ ਪਹੁੰਚੇ ਹਰਜੋਤ ਸਿੰਘ ਬੈਂਸ, ਸਫ਼ਾਈ ਸੇਵਕਾਂ ਨਾਲ ਚਾਹ ਦਾ ਕੱਪ ਕੀਤਾ ਸਾਂਝਾ



**ਲੁਧਿਆਣਾ, 13 ਜੂਨ**
**ਲਛਮਣ ਜੀਤ ਸਿੰਘ ਪੁਰਬਾ**

ਲੁਧਿਆਣਾ ਦੇ ਡੀ.ਐਮ.ਸੀ. ਹਸਪਤਾਲ ਦੇ ਬਾਹਰ ਸਵੇਰ ਦਾ ਮਾਹੌਲ ਆਮ ਤੌਰ 'ਤੇ ਇੱਕੋ ਜਿਹਾ ਹੁੰਦਾ ਹੈ; ਐਂਬੂਲੈਂਸਾਂ ਦੇ ਸਾਇਰਨ, ਮਰੀਜ਼ਾਂ ਦੇ ਰਿਸ਼ਤੇਦਾਰਾਂ ਦੀ ਦੌੜ-ਭੱਜ, ਚਾਹ ਵੇਚਣ ਵਾਲੇ ਆਵਾਜ਼ਾਂ ਮਾਰਦੇ ਹਨ। ਪਰ ਅੱਜ ਸਵੇਰੇ ਉਸ ਵੇਲੇ ਇਹ ਮਾਹੌਲ ਬਦਲਿਆ ਹੋਇਆ ਦੇਖਿਆ ਜਦੋਂ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਸ. ਹਰਜੋਤ ਸਿੰਘ ਬੈਂਸ ਕਾਰ ਤੋਂ ਬਾਹਰ ਨਿਕਲੇ। ਉਨ੍ਹਾਂ ਨਾਲ ਕੋਈ ਕਾਫਲਾ ਨਹੀਂ, ਕੋਈ ਲਾਲ ਬੱਤੀ ਵਾਲੀ ਗੱਡੀ ਨਹੀਂ ਸੀ, ਕੋਈ ਅਧਿਕਾਰੀ ਫਾਈਲਾਂ ਲੈ ਕੇ ਉਨ੍ਹਾਂ ਦੇ ਪਿੱਛੇ ਨਹੀਂ ਆ ਰਹੇ ਸਨ। ਉਹ ਲੁਧਿਆਣਾ ਨਗਰ ਨਿਗਮ ਦੇ ਖੇਤਰਾਂ ਦੀ ਅਚਨਚੇਤ ਚੈਕਿੰਗ ਕਰਨ ਆਏ ਸਨ। ਉਹ ਸਿੱਧਾ ਸਫ਼ਾਈ ਸੇਵਕਾਂ ਦੀ ਇਕ ਟੀਮ ਕੋਲ ਗਏ ਜੋ ਹਸਪਤਾਲ ਦੇ ਨੇੜੇ ਇੱਕ ਸੜਕ ਦੀ ਸਫਾਈ ਕਰ ਰਹੇ ਸਨ।

ਸਥਾਨਕ ਸਰਕਾਰਾਂ ਮੰਤਰੀ ਨੇ ਇੱਕ ਛੋਟਾ ਜਿਹਾ ਸਟੂਲ ਖਿੱਚਿਆ, ਜਿਸ ਦੀ ਵਰਤੋਂ ਸੜਕ ਕਿਨਾਰੇ ਚਾਹ ਵੇਚਣ ਵਾਲੇ ਕਰਦੇ ਹਨ, ਅਤੇ ਸਫਾਈ ਕਰਮਚਾਰੀਆਂ ਵਿਚਕਾਰ ਬੈਠ ਗਏ ਅਤੇ ਕਿਹਾ, ਚਾਹ ਲਿਆਓ, ਬੈਠੋ, ਆਓ ਵਿਚਾਰ-ਵਟਾਂਦਰਾ ਕਰੀਏ। ਉਨ੍ਹਾਂ ਨੇ ਸਫਾਈ ਸੇਵਕਾਂ ਤੋਂ ਸਫਾਈ, ਪਾਣੀ ਦੀ ਨਿਕਾਸੀ ਅਤੇ ਸੁਰੱਖਿਆ ਉਪਕਰਨਾਂ ਬਾਰੇ ਫੀਡਬੈਕ ਲੈਣ ਵਿੱਚ ਲਗਭਗ 20 ਮਿੰਟ ਬਿਤਾਏ। ਸ. ਹਰਜੋਤ ਸਿੰਘ ਬੈਂਸ ਨੇ ਕਿਹਾ, ਜੋ ਲੋਕ ਇਸ ਸ਼ਹਿਰ ਨੂੰ ਹਰ ਰੋਜ਼ ਸਾਫ਼ ਰੱਖਦੇ ਹਨ, ਉਹ ਇਸ ਨੂੰ ਬਿਹਤਰ ਬਣਾਉਣ ਦੇ ਸਭ ਤੋਂ ਵਧੀਆ ਤਰੀਕੇ ਦੱਸ ਸਕਦੇ ਹਨ। ਤੁਸੀਂ ਬੰਦ ਕਮਰੇ ਵਿੱਚ ਬੈਠ ਕੇ ਇਹਨਾਂ ਤਰੀਕਿਆਂ ਬਾਰੇ ਨਹੀਂ ਸਿੱਖ ਸਕਦੇ। ਇਸ ਬਾਰੇ ਤੁਹਾਨੂੰ ਸਫਾਈ ਸੇਵਕ ਬਿਹਤਰ ਢੰਗ ਨਾਲ ਦੱਸ ਸਕਦੇ ਹਨ। ਸ. ਬੈਂਸ ਨੇ ਕਿਹਾ, ਮਿਸ਼ਨ ਕਲੀਨ ਪੰਜਾਬ ਸਿਰਫ਼ ਫਾਈਲਾਂ ਅਤੇ ਜੁਰਮਾਨਿਆਂ ਨਾਲ ਨਹੀਂ ਚੱਲੇਗਾ। ਜੇਕਰ ਅਸੀਂ ਸਾਫ਼-ਸੁਥਰੇ ਸ਼ਹਿਰ ਚਾਹੁੰਦੇ ਹਾਂ ਤਾਂ ਸਾਨੂੰ ਉਨ੍ਹਾਂ ਵਿਅਕਤੀਆਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਜੋ ਉਨ੍ਹਾਂ ਨੂੰ ਸਾਫ਼-ਸੁਥਰਾ ਰੱਖਦੇ ਹਨ। ਮਾਣ-ਸਨਮਾਨ ਨੂੰ ਤਰਜੀਹ ਦਿਓ। ਬਾਕੀ ਸਭ ਕੰਮ ਉਸ ਤੋਂ ਬਾਅਦ ਹੋਣਗੇ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਫਾਈ ਸੇਵਕਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਕੇ.ਵੀ.ਕੇ ਬਠਿੰਡਾ ਵਿਖੇ ਮੁਰਗੀ ਪਾਲਣ ਸਿਖਲਾਈ ਨਾਲ ਸਵੈ-ਰੋਜ਼ਗਾਰ ਵੱਲ ਵਧੇ 57 ਨੌਜਵਾਨ ਕਿਸਾਨ

**ਬਠਿੰਡਾ, 13 ਜੂਨ**
**-ਗੁਰਤੇਜ ਅਤਲਾ-**

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵੱਲੋਂ ਪੇਂਡੂ ਨੌਜਵਾਨਾਂ, ਕਿਸਾਨਾਂ ਅਤੇ ਕਿਸਾਨ ਬੀਬੀਆਂ ਨੂੰ ਸਵੈ-ਰੋਜ਼ਗਾਰ ਦੇ ਮੌਕੇ ਦੇਣ ਅਤੇ ਮੁਰਗੀ ਪਾਲਣ ਨੂੰ ਇੱਕ ਲਾਭਕਾਰੀ ਕਿੱਤੇ ਵਜੋਂ ਉਤਸ਼ਾਹਿਤ ਕਰਨ ਦੇ ਮੰਤਵ ਨਾਲ 8 ਜੂਨ ਤੋਂ 12 ਜੂਨ 2026 ਤੱਕ ਪੰਜ ਦਿਨਾਂ ਦਾ ਹੁਨਰ ਵਿਕਾਸ ਸਿਖਲਾਈ ਕੋਰਸ ਆਯੋਜਿਤ ਕੀਤਾ ਗਿਆ।



ਇਹ ਸਿਖਲਾਈ ਕੋਰਸ ਡਾ. ਗੁਰਦੀਪ ਸਿੰਘ ਸਿੱਧੂ, ਡਿਪਟੀ ਡਾਇਰੈਕਟਰ (ਸਿਖਲਾਈ) ਦੀ ਅਗਵਾਈ ਹੇਠ ਸਫਲਤਾਪੂਰਵਕ ਨੇਪਰੇ ਚੜ੍ਹਿਆ, ਜਿਸ ਵਿੱਚ ਬਠਿੰਡਾ ਜ਼ਿਲ੍ਹੇ ਦੇ 57 ਸਿੱਖਿਆਰਥੀਆਂ ਨੇ ਭਾਗ ਲਿਆ। ਇਨ੍ਹਾਂ ਵਿੱਚ ਚਾਰ ਮਹਿਲਾ ਭਾਗੀਦਾਰ ਵੀ ਸ਼ਾਮਲ ਸਨ।ਇਸ ਮੌਕੇ ਬੋਲਦਿਆਂ ਡਾ. ਗੁਰਦੀਪ ਸਿੰਘ ਸਿੱਧੂ ਨੇ ਕਿਹਾ ਕਿ ਮੁਰਗੀ ਪਾਲਣ ਇੱਕ ਅਜਿਹਾ ਸਹਾਇਕ ਧੰਦਾ ਹੈ ਜਿਸ ਨੂੰ ਘੱਟ ਜ਼ਮੀਨ ਅਤੇ ਸੀਮਤ ਪੂੰਜੀ ਨਾਲ ਵੀ ਸਫਲਤਾਪੂਰਵਕ ਅਪਣਾਇਆ ਜਾ ਸਕਦਾ ਹੈ।ਉਨ੍ਹਾਂ ਨੌਜਵਾਨਾਂ ਨੂੰ ਮੁਰਗੀ ਪਾਲਣ ਨੂੰ ਵਿਗਿਆਨਕ ਢੰਗ ਨਾਲ ਅਤੇ ਵਪਾਰਕ ਪੱਧਰ 'ਤੇ ਅਪਣਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਇਹ ਕਿੱਤਾ ਪੇਂਡੂ ਖੇਤਰਾਂ ਵਿੱਚ ਰੋਜ਼ਗਾਰ ਅਤੇ ਆਮਦਨ ਵਧਾਉਣ ਦਾ ਇੱਕ ਮਹੱਤਵਪੂਰਨ ਸਾਧਨ ਬਣ ਸਕਦਾ ਹੈ। ਉਨ੍ਹਾਂ ਸਿੱਖਿਆਰਥੀਆਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਦੀਆਂ ਗਤੀਵਿਧੀਆਂ, ਸੇਵਾਵਾਂ ਅਤੇ ਕਿਸਾਨਾਂ ਲਈ ਚਲਾਏ ਜਾ ਰਹੇ ਵੱਖ-ਵੱਖ ਸਿਖਲਾਈ ਪ੍ਰੋਗਰਾਮਾਂ ਬਾਰੇ ਵੀ ਜਾਣੂ ਕਰਵਾਇਆ।ਡਾ. ਗੁਰਲਾਲ ਸਿੰਘ ਗਿੱਲ, ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ), ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਨੇ ਸਿਖਲਾਈ ਦੌਰਾਨ ਮੁਰਗੀ ਪਾਲਣ ਨਾਲ ਸਬੰਧਿਤ ਮਹੱਤਵਪੂਰਨ ਵਿਸ਼ਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਵਿਗਿਆਨਕ ਢੰਗ ਨਾਲ ਸ਼ੈਡ ਦੀ ਉਸਾਰੀ, ਮੁਰਗੀਆਂ ਦੀਆਂ ਵੱਖ-ਵੱਖ ਨਸਲਾਂ, ਖੁਰਾਕ ਪ੍ਰਬੰਧਨ, ਜੈਵਿਕ ਸੁਰੱਖਿਆ ਉਪਾਅ, ਬਿਮਾਰੀਆਂ ਦੀ ਰੋਕਥਾਮ, ਪਸ਼ੂਆਂ ਤੋਂ ਮਨੁੱਖਾਂ ਵਿੱਚ ਫੈਲਣ ਵਾਲੀਆਂ ਬਿਮਾਰੀਆਂ ਅਤੇ ਮੰਡੀਕਰਨ ਰਣਨੀਤੀਆਂ ਬਾਰੇ ਚਰਚਾ ਕੀਤੀ। ਉਨ੍ਹਾਂ ਦੱਸਿਆ ਕਿ ਇਹ ਸਾਰੇ ਪੱਖ ਅਪਣਾਉਣ ਨਾਲ ਮੁਰਗੀ ਫਾਰਮ ਦੀ ਉਤਪਾਦਕਤਾ ਅਤੇ ਮੁਨਾਫ਼ੇ ਵਿੱਚ ਮਹੱਤਵਪੂਰਨ ਵਾਧਾ ਕੀਤਾ ਜਾ ਸਕਦਾ ਹੈ।

# ਜ਼ਿਲ੍ਹਾ ਪਰਿਸ਼ਦ ਮੈਂਬਰ ਹਰਜੋਤ ਮਾਂਗਟ ਹਲਕਾ ਯੂਥ ਪ੍ਰਧਾਨ ਨਿਯੁਕਤ , ਬੇਦਾਗ ਤੇ ਮਿਹਨਤੀ ਸ਼ਖਸ਼ੀਅਤ ਹੈ ਹਰਜੋਤ ਮਾਂਗਟ : ਪ੍ਰਧਾਨ ਖੇੜਾ



**ਸਮਰਾਲਾ, 13 ਜੂਨ**
**ਲਛਮਣ ਜੀਤ ਸਿੰਘ ਪੁਰਬਾ**

ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਹਰਜੋਤ ਸਿੰਘ ਮਾਂਗਟ ਨੂੰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਵੱਡੀ ਜਿੰਮੇਵਾਰੀ ਦਿੰਦਿਆਂ ਹਲਕਾ ਸਮਰਾਲਾ ਤੋਂ ਯੂਥ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਬੀਤੇ ਕੱਲ੍ਹ ਹੋਈ ਮੀਟਿੰਗ ਦੌਰਾਨ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਦੇ 84 ਹਲਕਿਆਂ ਦੇ ਪ੍ਰਧਾਨਾਂ ਦੀ ਨਿਯੁਕਤੀ ਕੀਤੀ ਗਈ, ਜਿਨ੍ਹਾਂ ਵਿੱਚ ਹਲਕਾ ਸਮਰਾਲਾ ਤੋਂ ਸਾਬਕਾ ਬਲਾਕ ਸੰਮਤੀ ਮੈਂਬਰ ਅਤੇ ਮੌਜੂਦਾ ਜ਼ਿਲ੍ਹਾ ਪਰਿਸ਼ਦ ਮੈਂਬਰ ਹਰਜੋਤ ਸਿੰਘ ਮਾਂਗਟ ਨੂੰ ਇਸ ਅਹਿਮ ਜ਼ਿੰਮੇਵਾਰੀ ਨਾਲ ਨਿਵਾਜਿਆ ਗਿਆ ਹੈ। ਹਰਜੋਤ ਸਿੰਘ ਮਾਂਗਟ ਨੂੰ ਇਸ ਅਹਿਮ ਜਿੰਮੇਵਾਰੀ ਮਿਲਣ ਦੇ ਵਧਾਈ ਦਿੰਦਿਆਂ ਆੜ੍ਹਤੀ ਐਸੋਸੀਏਸ਼ਨ ਮਾਛੀਵਾੜਾ ਦੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਹਾਈ ਕਮਾਂਡ ਦਾ ਧੰਨਵਾਦ ਪ੍ਰਗਟ ਕੀਤਾ ਜਿਨ੍ਹਾਂ , ਹਰਜੋਤ ਸਿੰਘ ਮਾਂਗਟ ਵਰਗੀ ਬੇਦਾਗ ,ਮਿਹਨਤੀ ,ਨਿਮਰ ਅਤੇ ਪਾਰਟੀ ਪ੍ਰਤੀ ਸਮਰਪਿਤ ਸ਼ਖ਼ਸੀਅਤ ਨੂੰ ਇਹ ਜਿੰਮੇਵਾਰੀ ਦੇ ਕੇ ਪੂਰੇ ਹਲਕੇ ਦਾ ਮਾਣ ਵਧਾਇਆ ਹੈ। ਉਹਨਾਂ ਕਿਹਾ ਕਿ ਹਰਜੋਤ ਮਾਂਗਟ ਪਹਿਲੇ ਸਮੇਂ ਤੋਂ ਪਾਰਟੀ ਨਾਲ ਜੁੜਿਆ ਹੋਇਆ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਵਿੱਚ ਖਾਸ ਤੌਰ ਤੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਵਿੱਚ ਵੱਡਾ ਯੋਗਦਾਨ ਪਾਉਂਦਾ ਆ ਰਿਹਾ। ਉਹਨਾਂ ਕਿਹਾ ਕਿ ਹਰਜੋਤ ਮਾਂਗਟ ਜਿੱਥੇ ਪਾਰਟੀ ਪ੍ਰਤੀ ਵਫਾਦਾਰ ,ਇਮਾਨਦਾਰ ਅਤੇ ਮਿਹਨਤੀ ਹੈ ,ਉੱਥੇ ਹੀ ਸਮਾਜ ਸੇਵੀ ਕੰਮਾਂ ਵਿੱਚ ਵੀ ਸਭ ਤੋਂ ਮੋਹਰੀ ਭੂਮਿਕਾ ਨਿਭਾਉਂਦਾ ਹੈ, ਇਹੀ ਕਾਰਨ ਹੈ ਕਿ ਬੀਤੇ ਸਮੇਂ ਹੋਈਆਂ ਜ਼ਿਲ੍ਹਾ ਪਰਿਸ਼ਦ ਚੋਣਾਂ ਵਿੱਚ ਹਰਜੋਤ ਸਿੰਘ ਮਾਂਗਟ ਨੇ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਦਿਆਂ ਜਿੱਤ ਪਾਰਟੀ ਦੀ ਝੋਲੀ ਪਾਈ ਹੈ। ਹਰਜੋਤ ਸਿੰਘ ਮਾਂਗਟ ਨੂੰ ਇਸ ਨਿਯੁਕਤੀ ਤੇ ਪਾਰਟੀ ਆਗੂਆਂ ਤੇ ਵਰਕਰਾਂ ਵੱਲੋਂ ਵਧਾਈਆਂ ਦਿੱਤੀਆਂ ਗਈਆਂ ਅਤੇ ਭਵਿੱਖ ਵਿੱਚ ਹੋਰ ਮਿਹਨਤ ਕਰਦਿਆਂ ਤਰੱਕੀ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਵੱਲੋਂ ਸੁਨਾਮ ਵਿਖੇ ਤਿੰਨ ਰੋਜ਼ਾ ਗੁਰਮਤਿ ਸਮਾਗਮ 19 ਸਤੰਬਰ ਤੋਂ



**ਸੁਨਾਮ, 13 ਜੂਨ**
**-ਜਗਦੇਵ ਰੰਚਨਾਂ-**

: ਸਥਾਨਕ ਸ਼ਹਿਰ ਦੀ ਸੰਗਤ ਵੱਲੋਂ ਗੁਰਦੁਆਰਾ ਪ੍ਰਮੇਸ਼ਰ ਦੁਆਰ ਦੇ ਪ੍ਰਬੰਧਕਾਂ ਅਤੇ ਸੇਵਾਦਾਰਾਂ ਦੀ ਅਗਵਾਈ ਹੇਠ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਦੌਰਾਨ ਸੰਗਤ ਵੱਲੋਂ ਸੁਨਾਮ ਸ਼ਹਿਰ ਵਿੱਚ ਗੁਰਮਤਿ ਸਮਾਗਮ ਕਰਵਾਉਣ ਲਈ ਬੇਨਤੀ ਪੇਸ਼ ਕੀਤੀ ਗਈ।

ਇਸ ਦੌਰਾਨ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਨੇ ਸੰਗਤ ਦੀ ਬੇਨਤੀ ਨੂੰ ਪ੍ਰਵਾਨ ਕਰਦਿਆਂ ਸੁਨਾਮ ਸ਼ਹਿਰ ਲਈ 19, 20 ਅਤੇ 21 ਸਤੰਬਰ 2026 ਦੀਆਂ ਤਰੀਕਾਂ ਦਿੱਤੀਆਂ। ਪ੍ਰਬੰਧਕਾਂ ਨੇ ਦੱਸਿਆ ਕਿ ਇਹ ਗੁਰਮਤਿ ਦੀਵਾਨ ਹਰ ਰੋਜ਼ ਸ਼ਾਮ 7 ਵਜੇ ਤੋਂ ਰਾਤ 10 ਵਜੇ ਤੱਕ ਸਜਾਏ ਜਾਣਗੇ। ਪ੍ਰਬੰਧਕਾਂ ਨੇ ਦੱਸਿਆ ਕਿ ਸੁਨਾਮ ਸ਼ਹਿਰ ਲਈ ਗੁਰਮਤਿ ਸਮਾਗਮ ਮਿਲਣਾ ਖ਼ੁਸ਼ੀ ਦੀ ਗੱਲ ਹੈ ਅਤੇ ਇਹਨਾਂ ਸਮਾਗਮਾਂ ਲਈ ਰੂਪਰੇਖਾ ਅਤੇ ਤਿਆਰੀਆਂ ਵੱਡੇ ਪੱਧਰ ਤੇ ਸ਼ੁਰੂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਸੰਗਤ ਵਿੱਚ ਬਲਜਿੰਦਰ ਸਿੰਘ ਬੰਟੀ, ਸ਼ਿਆਮ ਸਿੰਘ, ਬੱਲੂ, ਦਵਿੰਦਰ ਸਿੰਘ, ਹਿੰਮਤ ਸਿੰਘ, ਜਰਨੈਲ ਸਿੰਘ, ਹਰਪਾਲ ਸਿੰਘ, ਸਲੀਮ ਖਾਨ, ਰਵਿੰਦਰ ਸਿੰਘ, ਗੁਰਚੇਤ ਸਿੰਘ, ਲਖਵਿੰਦਰ ਸਿੰਘ, ਵੀਰ ਸਿੰਘ, ਹਰਨੇਕ ਸਿੰਘ, ਪਾਲ ਸਿੰਘ, , ਮਨਪ੍ਰੀਤ ਸਿੰਘ ਹੈਪੀ, ਨਛੱਤਰ ਸਿੰਘ, ਪਰਮਾਨੰਦ ਸਿੰਘ ਸਮੇਤ ਸੁਨਾਮ ਸ਼ਹਿਰ ਦੇ ਹੋਰ ਕਈ ਪਤਵੰਤੇ ਸੱਜਣ ਹਾਜ਼ਰ ਸਨ। ਇਸ ਸਮੇਂ ਸੰਗਤ ਵੱਲੋਂ ਭਾਈ ਰਣਜੀਤ ਸਿੰਘ ਦਾ ਧੰਨਵਾਦ ਕਰਦਿਆਂ ਸਮੂਹ ਇਲਾਕਾ ਨਿਵਾਸੀਆਂ ਨੂੰ ਇਨ੍ਹਾਂ ਗੁਰਮਤਿ ਸਮਾਗਮਾਂ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।

# ਸੂਬੇ ਦੇ ਵਪਾਰੀਆਂ ਨੂੰ ਸਾਜ਼ਗਾਰ ਮਾਹੌਲ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵਚਨਬੱਧ: ਨਰਿੰਦਰ ਕੌਰ ਭਰਾਜ




**ਸੰਗਰੂਰ, 13 ਜੂਨ**
**ਜਗਦੇਵ ਰੰਚਨਾਂ**

ਸੂਬੇ ਦੇ ਵਪਾਰੀਆਂ ਨੂੰ ਬਿਹਤਰ ਕਾਰੋਬਾਰੀ ਮਾਹੌਲ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਪੰਜਾਬ ਰਾਜ ਵਪਾਰੀ ਕਮਿਸ਼ਨ ਸੰਗਰੂਰ ਵੱਲੋਂ ਅੱਜ ਸੰਗਰੂਰ ਅਨਾਜ ਮੰਡੀ ਵਿਖੇ ਵਪਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ, ਜਿਸ ਦੌਰਾਨ ਵਪਾਰੀਆਂ ਦੇ ਵੱਖ-ਵੱਖ ਮੁੱਦਿਆਂ ਅਤੇ ਮੰਗਾਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ।

ਇਸ ਮੌਕੇ ਸੰਗਰੂਰ ਦੇ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਵਪਾਰੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਗੰਭੀਰਤਾ ਨਾਲ ਸੁਣਿਆ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਅਤੇ ਵਪਾਰ ਨੂੰ ਹੋਰ ਉਤਸ਼ਾਹਿਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਵਪਾਰੀ ਵਰਗ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ ਅਤੇ ਵਪਾਰਕ ਗਤੀਵਿਧੀਆਂ ਰੁਜ਼ਗਾਰ ਸਿਰਜਣ ਦੇ ਨਾਲ-ਨਾਲ ਸਰਕਾਰੀ ਮਾਲੀਏ ਵਿੱਚ ਵੀ ਅਹਿਮ ਯੋਗਦਾਨ ਪਾਉਂਦੀਆਂ ਹਨ। ਇਸ ਲਈ ਵਪਾਰੀਆਂ ਦੀਆਂ ਹਰ ਜਾਇਜ਼ ਸਮੱਸਿਆ ਦਾ ਹੱਲ ਪਹਿਲ ਦੇ ਆਧਾਰ 'ਤੇ ਕਰਨਾ ਪੰਜਾਬ ਸਰਕਾਰ ਦੀ ਤਰਜੀਹ ਹੈ।

ਇਸ ਮੌਕੇ ਪੰਜਾਬ ਰਾਜ ਵਾਪਰੀ ਕਮਿਸ਼ਨ ਹਲਕਾ ਸੰਗਰੂਰ ਚੇਅਰਮੈਨ ਸੁਖਜਿੰਦਰ ਮਾਨ ਨੇ ਦੱਸਿਆ ਕਿ ਵਪਾਰੀਆਂ ਅਤੇ ਸਰਕਾਰ ਦਰਮਿਆਨ ਬਿਹਤਰ ਤਾਲਮੇਲ ਕਾਇਮ ਕਰਨ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸਥਾਨਕ ਪੱਧਰ 'ਤੇ ਸੁਣਨ ਲਈ ਹਲਕਾ ਪੱਧਰ 'ਤੇ ਪੰਜਾਬ ਰਾਜ ਵਪਾਰੀ ਕਮਿਸ਼ਨ ਦੀਆਂ ਇਕਾਈਆਂ ਦਾ ਗਠਨ ਕੀਤਾ ਗਿਆ ਹੈ।

ਇਨ੍ਹਾਂ ਇਕਾਈਆਂ ਰਾਹੀਂ ਵਪਾਰੀਆਂ ਦੇ ਮੁੱਦਿਆਂ ਨੂੰ ਸਬੰਧਤ ਵਿਭਾਗਾਂ ਤੱਕ ਪਹੁੰਚਾ ਕੇ ਉਨ੍ਹਾਂ ਦਾ ਜਲਦ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ।

ਮੀਟਿੰਗ ਦੌਰਾਨ ਵਪਾਰੀਆਂ ਨੇ ਆਪਣੇ ਕਾਰੋਬਾਰ ਨਾਲ ਸਬੰਧਤ ਵੱਖ-ਵੱਖ ਮੰਗਾਂ ਅਤੇ ਸੁਝਾਅ ਰੱਖੇ, ਜਿਨ੍ਹਾਂ 'ਤੇ ਸਕਾਰਾਤਮਕ ਢੰਗ ਨਾਲ ਵਿਚਾਰ ਕਰਕੇ ਬਣਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ।

ਇਸ ਮੌਕੇ ਐਸ.ਡੀ.ਐਮ ਸੰਗਰੂਰ ਸਤੀਸ਼ ਚੰਦਰ ਸਮੇਤ ਪੰਜਾਬ ਰਾਜ ਵਪਾਰੀ ਕਮਿਸ਼ਨ ਦੇ ਅਹੁਦੇਦਾਰ, ਵੱਖ-ਵੱਖ ਵਪਾਰ ਮੰਡਲਾਂ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਵਪਾਰੀ ਹਾਜ਼ਰ ਸਨ।

# ਕਲੀਨ ਪਟਿਆਲਾ,ਗਰੀਨ ਪਟਿਆਲਾ ਸੁਸਾਇਟੀ ਦੇ ਯਤਨਾਂ ਨਾਲ ਵਧੇਗਾ ਪਟਿਆਲਵੀਆ ਵਿੱਚ ਵਾਤਾਵਰਨ ਸੰਭਾਲ ਪ੍ਰਤੀ ਉਤਸ਼ਾਹ- ਦੀਪਕ ਕਪੂਰ, ਉਪਕਾਰ ਸਿੰਘ

**ਪਟਿਆਲਾ, 13 ਜੂਨ**
**-ਅਰਸ਼ਦੀਪ ਸਿੰਘ-**

ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ਪਟਿਆਲਾ ਦੇ ਯਤਨਾਂ ਨਾਲ ਪਟਿਆਲਾ ਵਾਸੀਆਂ ਵਿੱਚ ਵਾਤਾਵਰਨ ਸੰਭਾਲ/ ਸੁਧਾਰ ਲਈ ਉਤਸ਼ਾਹਿਤ ਆਮ ਪਬਲਿਕ ਵਿੱਚ ਜਾਗਰੂਕਤਾ ਮੁਹਿੰਮ ਵਿੱਚ ਆਪਣਾ ਆਪਣਾ ਯੋਗਦਾਨ ਪਾਉਣ ਲਈ ਵੱਖ- ਵੱਖ ਪਾਰਕਾਂ ਵਿੱਚ ਪਲਾਸਟਿਕ ਮੁਕਤ, ਸਫਾਈ ਅਭਿਆਨ ਚਾਲੂ ਕੀਤੇ ਹੋਏ ਹਨ।ਲੋਕ ਆਪਣੀਆ ਕਲੋਨੀਆ/ ਸੁਸਾਇਟੀਆਂ ਨੂੰ ਵਾਤਾਵਰਨ ਪੱਖ ਤੋ ਬਿਹਤਰ ਬਣਾਉਣ ਲੱਗੇ ਹਨ।ਪਾਰਕਾਂ,ਕਲੋਨੀਆਂ,ਆਪਣੇ ਘਰਾ ਦੀਆਂ ਛੱਤਾ ਤੇ ਕਿਚਨ ਪਾਰਕ



ਵੀ ਬਨਾਉਣ ਲੱਗੇ ਹਨ।ਇਹ ਦੱਸਿਆ ਸੁਸਾਇਟੀ ਪ੍ਰਧਾਨ ਉਪਕਾਰ ਸਿੰਘ ਨੇ ਇਹ ਵੀ ਸਾਡੀ ਸੁਸਾਇਟੀ ਵੱਲੋ 1 ਜੂਨ ਤੋ ਚਲਾਈ ÷ ਕਲੀਨ ਪਟਿਆਲਾ,ਗਰੀਨ ਪਟਿਆਲਾ ਮੁਹਿੰਮ ਰਾਹੀ ਨਹਿਰ ਪਾਰਕ,ਆਰੀਆ ਸਮਾਜ ਚੌਕ ਅਰੁਨਾ ਬਰਨਾ ਚੌਕ ਪਾਰਕ ਅਤੇ ਹੋਰ ਪਾਰਕਾਂ ਦੀ ਪਲਾਸਟਿਕ ਮੁਕਤ, ਸਫਾਈ ਅਭਿਆਨ ਦੀ ਮੁਹਿੰਮ ਚਲਾਈ ਹੋਈ ਹੈ।ਅੱਜ ਅਰੁਨਾ ਬਰਨਾਂ ਚੌਕ ਸਾਹਮਣੇ ਗੁਰੂਦੁਆਰਾ ਆਹਲੂਵਾਲੀਆ ਸਾਹਿਬ ਦੇ ਪਾਰਕ ਵਿੱਚ ਕਾਰਪੋਰੇਸ਼ਨ ਦੀ ਟੀਮ ਨਾਲ ਮਿਲਕੇ ਇਹ ਮੁਹਿੰਮ ਚਲਾਈ ਹੋਈ ਹੈ।ਇਸ ਵਿੱਚ ਲੋਕ ਵੀ ਜੁੜਨਾ ਸੁਰੂ ਹੋ ਗਏ ਹਨ।ਆਪਣੇ ਆਪਣੇ ਇਲਾਕੇ ਦੇ ਪਾਰਕਾਂ ਦੀ ਸਾਂਭ-ਸੰਭਾਲ ਕਰਨ ਲੱਗ ਪਏ ਹਨ। ਇਸ ਮੋਕੇ ਦੀਪਕ ਕਪੂਰ ਨੇ ਕਿਹਾ ਸਫਾਈ ਦੇ ਨਾਲ ਨਾਲ ਪੌਦੇ ਵੀ ਲਗਾਉਣੇ ਜਰੂਰੀ ਹਨ।÷ ਹਰ ਮਨੁੱਖ ਲਾਵੇ ਦੋ ਰੁੱਖ ÷ ਲਹਿਰ ਨਾਲ ਵੀ ਜੁੜੋ ਤਾਂ ਜੋ ਸਾਡੇ ਪਟਿਆਲਾ ਦਾ ਵਾਤਾਵਰਨ ਸਾਫ ਤੇ ਸੁੰਦਰ ਸਾਂਭ-ਸੰਭਾਲ ਹੋ ਸਕੇ।ਇਸ ਮੋਕੇ ਮੋਹਨ ਲਾਲ ਖੰਨਾ,ਵਿਨੇ ਸਰਵਿਆਂ, ਟੋਨੀ ਸੁਪਰਵਾਈਜਰ ਪੁਰੀ ਤੇ ਉਨਾ ਦੀ ਟੀਮ ਸ਼ਾਇਰ,ਸਨੇਹ,ਗਗਨਦੀਪ, ਕੁਲਦੀਪ ਕਨਾਲ,ਸੁੰਦਰ ਲਾਲ ਵਾਸੂਦੇਵਾ,ਕਮਲੇਸ਼ ਕੁਮਾਰੀ ਬੇਟੀ ਕਮਾਇਆ, ਕੈਪਟਨ ਵਲੈਤ ਸਿੰਘ ਆਮ ਪਬਲਿਕ ਵਿੱਚੋ ÷ ਕਲੀਨ ਪਟਿਆਲਾ,ਗਰੀਨ ਪਟਿਆਲਾ ਮੁਹਿੰਮ ਵਿੱਚ ਸ਼ਾਮਿਲ ਹੋਏ।

# ਕਿਸਾਨਾਂ ਵੀਰ ਝੋਨੇ ਦੀਆਂ ਪਨੀਰੀਆਂ ਦਾ ਲਗਾਤਾਰ ਕਰਨ ਸਰਵੇਖਣ



**ਬਠਿੰਡਾ, 13 ਜੂਨ**
**-ਗੁਰਤੇਜ ਅਤਲਾ-**

ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਡਾ. ਗੁਰਜੀਤ ਸਿੰਘ ਬਰਾੜ ਦੇ ਦਿਸ਼ਾ- ਨਿਰਦੇਸ਼ਾਂ ਤਹਿਤ ਡਾ. ਪ੍ਰਭਜੋਤ ਕੌਰ ਜ਼ਿਲ੍ਹਾ ਸਿਖਲਾਈ ਅਫਸਰ, ਬਠਿੰਡਾ ਦੀ ਅਗਵਾਈ ਹੇਠ ਟ੍ਰੇਨਿੰਗ ਵਿੰਗ ਦੀ ਟੀਮ ਵੱਲੋਂ ਲਗਾਏ ਜਾ ਰਹੇ ਕੈਂਪਾਂ ਰਾਹੀਂ ਝੋਨੇ ਦੇ ਬੂਟਿਆਂ ਵਿੱਚ ਮਧਰੇਪਨ ਦੇ ਰੋਗ ਦੀ ਰੋਕਥਾਮ ਬਾਰੇ ਲਗਾਤਾਰ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।

ਇਸ ਦੇ ਨਾਲ ਹੀ ਖੇਤਾਂ ਵਿੱਚ ਜਾ ਕੇ ਝੋਨੇ ਦੀਆਂ ਪਨੀਰੀਆਂ ਦਾ ਸਰਵੇਖਣ ਕੀਤਾ ਜਾ ਰਿਹਾ ਹੈ।

ਇਸ ਮੌਕੇ ਡਾ. ਹਰਦੀਪ ਸਿੰਘ ਵਿਸ਼ਾ ਵਸਤੂ ਮਾਹਰ ਬਠਿੰਡਾ ਨੇ ਕਿਸਾਨਾਂ ਨੂੰ ਦੱਸਿਆ ਕਿ ਜਿਹੜੇ ਕਿਸਾਨਾਂ ਨੇ ਝੋਨੇ ਦੀਆਂ ਪਨੀਰੀਆਂ ਅਗੇਤੀਆਂ ਬੀਜੀਆਂ ਹਨ ਉਨਾਂ ਪਨੀਰੀਆਂ ਵਿੱਚ ਚਿੱਟੀ ਪਿੱਠ ਵਾਲੇ ਟਿੱਡੇ (ਵਾਈਟ ਹਾਪਰ) ਦਾ ਲਗਾਤਾਰ ਸਰਵੇਖਣ ਕਰਦੇ ਰਹਿਣ ਕਿਉਂਕਿ ਇਸ ਟਿੱਡੇ ਰਾਹੀਂ ਹੀ ਝੋਨੇ ਦੇ ਮਧਰੇਪਣ ਰੋਗ ਦਾ ਫੈਲਾਅ ਹੁੰਦਾ ਹੈ।

ਇਹ ਵਿਸ਼ਾਣੂ ਰੋਗ ਚਿੱਟੀ ਪਿੱਠ ਵਾਲਾ ਟਿੱਡਾ ਹੀ ਫੈਲਾਉਂਦਾ ਹੈ ਜੋ ਕਿ ਝੋਨੇ ਦੀ ਮੌਜੂਦਾ ਸਾਰੀਆਂ ਕਿਸਮਾਂ ਤੇ ਹਮਲਾ ਕਰ ਸਕਦਾ ਹੈ।

ਮਧਰੇਪਨ ਰੋਗ ਤੋਂ ਬਚਾਅ ਸ਼ੁਰੂਆਤ ਵਿੱਚ ਝੋਨੇ ਦੀ ਲਵਾਈ ਤੋਂ ਪਹਿਲਾਂ ਪਨੀਰੀਆਂ ਸਮੇਂ ਲਗਾਤਾਰ ਸਰਪੇਖਣ ਨਾਲ ਹੋ ਸਕਦਾ ਹੈ। ਇਸ ਰੋਗ ਦੇ ਲੱਛਣ ਬਾਅਦ ਵਿੱਚ ਖੇਤ ਚ ਇਸ ਤਰ੍ਹਾ ਦਿਸਦੇ ਹਨ ਜਿਵੇਂ ਕਿ ਬੂਟੇ ਮਧਰੇ, ਪੱਤੇ ਨੋਕਦਾਰ ਅਤੇ ਜੜਾਂ ਘੱਟ ਡੂੰਘੀਆਂ ਜਾਂਦੀਆਂ ਹਨ ਅਤੇ ਪ੍ਰਭਾਵਿਤ ਬੂਟਿਆਂ ਦੀ ਉਚਾਈ ਆਮ ਬੂਟਿਆਂ ਨਾਲੋਂ ਅੱਧੀ ਰਹਿ ਜਾਂਦੀ ਹੈ। ਰੋਗ ਦੇ ਜਿਆਦਾ ਹਮਲੇ ਕਾਰਨ ਕਈ ਵਾਰੀ ਬੂਟੇ ਮੁਰਝਾ ਕੇ ਸੁੱਕ ਜਾਂਦੇ ਹਨ।

ਇਹ ਚਿੱਟੀ ਪਿੱਠ ਵਾਲਾ ਟਿੱਡਾ ਪਨੀਰੀਆਂ ਬੀਜਣ ਤੋਂ ਪਹਿਲਾਂ ਨਦੀਨਾ ਤੇ ਪਲਦਾ ਹੈ। ਟਿੱਡੇ ਦੀ ਆਮਦ ਵੇਖਣ ਲਈ ਕਿਸਾਨ ਰਾਤ ਨੂੰ ਪਨੀਰੀ ਜਾਂ ਖੇਤ ਦੇ ਨੇੜੇ ਬੱਲਬ ਜਗ੍ਹਾ ਕੇ ਰੱਖਣ ਕਿਉਂਕਿ ਇਹ ਕੀੜਾ ਰੋਸ਼ਨੀ ਵੱਲ ਆਕਰਸ਼ਿਤ ਹੁੰਦਾ ਹੈ।

# ਕ੍ਰੀਏਟਿਵ ਲੇਡੀਜ਼ ਕਲੱਬ ਵੱਲੋਂ ਰੰਗਾ-ਰੰਗ ਪੂਲ ਪਾਰਟੀ ਦਾ ਆਯੋਜਨ

**ਲੁਧਿਆਣਾ, 13 ਜੂਨ**
**ਲਛਮਣ ਜੀਤ ਸਿੰਘ ਪੁਰਬਾ**

ਕ੍ਰੀਏਟਿਵ ਲੇਡੀਜ਼ ਕਲੱਬ ਵੱਲੋਂ ਡਾਇਰੈਕਟਰ ਸੁਰਿੰਦਰ ਬਾਂਸਲ ਦੀ ਅਗਵਾਈ ਹੇਠ ਇਕ ਰੰਗਾ-ਰੰਗ ਪੂਲ ਪਾਰਟੀ ਦਾ ਆਯੋਜਨ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਚੇਅਰਪਰਸਨ ਮੀਨਾ ਕੋਚਰ ਅਤੇ ਪ੍ਰਧਾਨ ਸਤਿੰਦਰ ਸੋਨੀ ਨੇ ਕੀਤੀ। ਪੂਲ ਵਿੱਚ ਪਾਰਟੀ, ਲੇਡੀਜ਼ ਸਮਾਰਟੀ - ਪਾਣੀ ਵਿੱਚ ਰੰਗ, ਮਸਤੀ ਦੇ ਸੰਗ ਦੇ ਨਾਅਰੇ ਨਾਲ ਸ਼ੁਰੂ ਹੋਏ ਇਸ ਸਮਾਗਮ ਵਿੱਚ ਮੈਂਬਰਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਸਮਾਗਮ ਦੌਰਾਨ ਪੰਕਚੁਅਲਿਟੀ ਐਕਟੀਵਿਟੀ, ਤੰਬੋਲਾ ਦੇ ਦੋ ਰੋਮਾਂਚਕ ਰਾਊਂਡ, ਪੂਲ ਗੇਮਾਂ, ਜ਼ੁੰਬਾ ਸੈਸ਼ਨ ਅਤੇ ਹੋਰ ਮਨੋਰੰਜਕ ਗਤੀਵਿਧੀਆਂ ਕਰਵਾਈਆਂ ਗਈਆਂ।



ਪ੍ਰਧਾਨ ਸਤਿੰਦਰ ਸੋਨੀ ਵੱਲੋਂ ਕਰਵਾਈ ਗਈ ਵਿਸ਼ੇਸ਼ ਪੂਲ ਗੇਮ ਸਮਾਗਮ ਦਾ ਮੁੱਖ ਆਕਰਸ਼ਣ ਰਹੀ। ਜੇਤੂਆਂ ਨੂੰ ਆਕਰਸ਼ਕ ਇਨਾਮ ਵੀ ਵੰਡੇ ਗਏ।

ਸਕੱਤਰ ਸਾਕਸ਼ੀ ਗੁਪਤਾ ਅਤੇ ਜੁਆਇੰਟ ਸਕੱਤਰ ਹਰਮੀਤ, ਸਾਰਿਕਾ ਅਤੇ ਮਿਸ਼ੀ ਨੇ ਸਮਾਗਮ ਦੇ ਸਫਲ ਪ੍ਰਬੰਧ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਹ ਸਮਾਗਮ ਆਪਸੀ ਦੋਸਤੀ, ਏਕਤਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਫਲ ਰਿਹਾ।

# ਵਿਧਾਇਕ ਡਾ. ਜਮੀਲ-ਉਰ-ਰਹਿਮਾਨ ਨੇ ਨਸ਼ਿਆਂ ਵਿਰੁੱਧ ਜਾਗਰੂਕਤਾ ਵਾਹਨਾਂ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ



**ਮਲੇਰਕੋਟਲਾ, 13 ਜੂਨ**
**-ਸ਼.ਅ.ਬਿਓਰੋ-**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਖ਼ਿਲਾਫ਼ ਵਿੱਢੀ ਗਈ ਜੰਗ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਅੱਜ ਮਾਲੇਰਕੋਟਲਾ ਵਿਖੇ ਵਿਧਾਇਕ ਡਾ. ਜਮੀਲ-ਉਰ-ਰਹਿਮਾਨ ਨੇ ਨਸ਼ਾ ਵਿਰੋਧੀ ਜਾਗਰੂਕਤਾ ਵਾਹਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਹ ਵਾਹਨ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਸਰਕਾਰ ਦੀਆਂ ਨਸ਼ਾ ਵਿਰੋਧੀ ਪਹਿਲਕਦਮੀਆਂ ਅਤੇ ਨਸ਼ਾ ਤਸਕਰਾਂ ਖ਼ਿਲਾਫ਼ ਜਾਣਕਾਰੀ ਸਾਂਝੀ ਕਰਨ ਲਈ ਜਾਗਰੂਕ ਕਰਨਗੇ।

ਇਸ ਮੌਕੇ ਡਾ. ਜਮੀਲ-ਉਰ-ਰਹਿਮਾਨ ਨੇ ਕਿਹਾ ਕਿ ਨਸ਼ਾ ਸਮਾਜ ਲਈ ਇੱਕ ਗੰਭੀਰ ਚੁਣੌਤੀ ਹੈ ਅਤੇ ਇਸ ਦੇ ਖਾਤਮੇ ਲਈ ਸਰਕਾਰ ਦੇ ਨਾਲ-ਨਾਲ ਹਰ ਨਾਗਰਿਕ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਖਤਮ ਕਰਨ ਲਈ ਦ੍ਰਿੜ ਸੰਕਲਪ ਹੈ ਅਤੇ ਇਸ ਮਿਸ਼ਨ ਵਿੱਚ ਲੋਕਾਂ ਦੀ ਭਾਗੀਦਾਰੀ ਸਭ ਤੋਂ ਵੱਡੀ ਤਾਕਤ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਖੇਤਰ ਵਿੱਚ ਨਸ਼ਾ ਵੇਚਣ, ਤਸਕਰੀ ਕਰਨ ਜਾਂ ਨਸ਼ਿਆਂ ਨਾਲ ਸਬੰਧਿਤ ਕੋਈ ਵੀ ਗਤੀਵਿਧੀ ਦੀ ਜਾਣਕਾਰੀ ਮਿਲਦੀ ਹੈ ਤਾਂ ਉਹ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਸਰਕਾਰ ਵੱਲੋਂ ਜਾਰੀ ਹੈਲਪਲਾਈਨ ਨੰਬਰਾਂ ਅਤੇ ਸ਼ਿਕਾਇਤ ਪ੍ਰਣਾਲੀ ਰਾਹੀਂ ਸੂਚਿਤ ਕਰਨ।


ਉਨ੍ਹਾਂ ਕਿਹਾ ਕਿ ਸੂਚਨਾ ਦੇਣ ਵਾਲੇ ਵਿਅਕਤੀਆਂ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਂਦੀ ਹੈ। ਵਿਧਾਇਕ ਨੇ ਕਿਹਾ ਕਿ ਜਾਗਰੂਕਤਾ ਹੀ ਨਸ਼ਿਆਂ ਦੇ ਖ਼ਾਤਮੇ ਦਾ ਸਭ ਤੋਂ ਪ੍ਰਭਾਵਸ਼ਾਲੀ ਹਥਿਆਰ ਹੈ ਅਤੇ ਇਨ੍ਹਾਂ ਵਾਹਨਾਂ ਰਾਹੀਂ ਵੱਧ ਤੋਂ ਵੱਧ ਲੋਕਾਂ ਤੱਕ ਸੰਦੇਸ਼ ਪਹੁੰਚਾਇਆ ਜਾਵੇਗਾ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕੇ। ਇਸ ਮੌਕੇ ਡੀ.ਐਸ.ਪੀ. ਮਾਨਵਜੀਤ ਸਿੰਘ ਸਿੱਧੂ, ਜ਼ਿਲ੍ਹਾ ਇੰਚਾਰਜ ਨਸ਼ਾ ਮੁਕਤੀ ਮੋਰਚਾ ਨਿਸਾਰ ਅਹਿਮਦ, ਚੇਅਰਮੈਨ ਮਾਰਕੀਟ ਕਮੇਟੀ ਮਾਲੇਰਕੋਟਲਾ ਜਾਫਰ ਅਲੀ, ਹਲਕਾ ਕੋਆਰਡੀਨੇਟਰ ਨਸ਼ਾ ਛੁਡਾਊ ਕਮੇਟੀ ਸਿੰਗਾਰਾ ਸਿੰਘ, ਬਲਾਕ ਕੋਆਰਡੀਨੇਟਰ ਮੁਹੰਮਦ ਅਨਵਾਰ ਕਾਲਾ, ਬਲਾਕ ਪ੍ਰਧਾਨ ਅਸ਼ਰਫ ਅਬਦੁੱਲਾ, ਫੀਲਡ ਅਫ਼ਸਰ ਘ ਅਤੇ ਯਾਸਰ ਅਰਫ਼ਾਤ ਸਮੇਤ ਪਤਵੰਤੇ ਹਾਜ਼ਰ ਸਨ।



# ਮਾਰਾ ਹਰਿਆਣਾ



## ਯੋਗ ਭਾਰਤ ਦੀ ਪ੍ਰਾਚੀਨ ਸੰਸਕ੍ਰਿਤੀ, ਤੰਦਰੁਸਤ ਜੀਵਨ ਸ਼ੈਲੀ ਅਤੇ ਮਾਨਵ ਕਲਿਆਣ ਦਾ ਅਧਾਰ : ਕੈਬਨਿਟ ਮੰਤਰੀ ਕ੍ਰਿਸ਼ਨ ਲਾਲ ਪੰਵਾਰ



**ਚੰਡੀਗੜ੍ਹ, 13 ਜੂਨ**
**-ਸੰਜੀਵ ਸ਼ਰਮਾ-**

ਹਰਿਆਣਾ ਦੇ ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰੀ ਕ੍ਰਿਸ਼ਨ ਲਾਲ ਪੰਵਾਰ ਸ਼ੁੱਕਰਵਾਰ ਨੂੰ ਭਗਤ ਫੂਲ ਸਿੰਘ ਮਹਿਲਾ ਯੂਨੀਵਰਸਿਟੀ, ਖਾਨਪੁਰ ਕਲਾਂ (ਸੋਨੀਪਤ) ਵਿੱਚ ਜ਼ਿਲ੍ਹਾ ਪੱਧਰੀ ਯੋਗ ਅਭਿਆਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਵਿਦਿਆਰਥੀਆਂ, ਔਰਤਾਂ, ਸੀਨੀਅਰ ਨਾਗਰਿਕਾਂ, ਅਧਿਕਾਰੀਆਂ ਅਤੇ ਹੋਰ ਭਾਗੀਦਾਰਾਂ ਨਾਲ ਸਮੂਹਿਕ ਯੋਗ ਅਭਿਆਸ ਕੀਤਾ ਅਤੇ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਦਾ ਸੱਦਾ ਦਿੱਤਾ।

ਵਿਕਾਸ ਅਤੇ ਪੰਚਾਇਤ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਯੋਗ ਕੇਵਲ ਸਰੀਰਕ ਕਸਰਤ ਨਹੀਂ ਹੈ, ਸਗੋਂ ਸਰੀਰ, ਮਨ ਅਤੇ ਆਤਮਾ ਨੂੰ ਜੋੜਨ ਵਾਲੀ ਭਾਰਤੀ ਸੰਸਕ੍ਰਿਤੀ ਦੀ ਅਮੁੱਲ ਵਿਰਾਸਤ ਹੈ। ਹਜ਼ਾਰਾਂ ਸਾਲਾਂ ਤੋਂ ਯੋਗ ਮਨੁੱਖੀ ਜੀਵਨ ਨੂੰ ਸੰਤੁਲਨ, ਸਕਾਰਾਤਮਕਤਾ, ਆਤਮ-ਵਿਸ਼ਵਾਸ ਅਤੇ ਸਿਹਤ ਦਾ ਰਸਤਾ ਦਿਖਾਉਂਦਾ ਆਇਆ ਹੈ। ਅੱਜ ਯੋਗ ਭਾਰਤ ਦੀਆਂ ਸਰਹੱਦਾਂ ਤੋਂ ਬਾਹਰ ਨਿਕਲ ਕੇ ਪੂਰੀ ਦੁਨੀਆ ਵਿੱਚ ਮਾਨਵ ਕਲਿਆਣ ਦਾ ਸਾਧਨ ਬਣ ਚੁੱਕਾ ਹੈ।

ਉਨ੍ਹਾਂ ਨੇ ਕਿਹਾ ਕਿ ਇਸ ਸਾਲ ਅੰਤਰਰਾਸ਼ਟਰੀ ਯੋਗ ਦਿਵਸ ਦਾ ਵਿਸ਼ਾ ਸੀਨੀਅਰ ਨਾਗਰਿਕਾਂ ਦੀ ਸਿਹਤ ਅਤੇ ਤੰਦਰੁਸਤੀ 'ਤੇ ਅਧਾਰਤ ਹੈ। ਵਧਦੀ ਉਮਰ ਵਿੱਚ ਤੰਦਰੁਸਤ, ਸਰਗਰਮ ਅਤੇ ਸਨਮਾਨਜਨਕ ਜੀਵਨ ਜਿਊਣ ਲਈ ਯੋਗ ਇੱਕ ਪ੍ਰਭਾਵਸ਼ਾਲੀ ਸਾਧਨ ਹੈ। ਯੋਗ ਨਾ ਕੇਵਲ ਵੱਖ-ਵੱਖ ਬੀਮਾਰੀਆਂ ਤੋਂ ਬਚਾਅ ਕਰਦਾ ਹੈ, ਸਗੋਂ ਮਾਨਸਿਕ ਸ਼ਾਂਤੀ, ਊਰਜਾ ਅਤੇ ਆਤਮਬਲ ਵੀ ਪ੍ਰਦਾਨ ਕਰਦਾ ਹੈ।

ਉਨ੍ਹਾਂ ਨੇ ਕਿਹਾ ਕਿ ਤੰਦਰੁਸਤ ਬੁਢਾਪੇ ਦੀ ਨੀਂਹ ਜਵਾਨੀ ਵਿੱਚ ਹੀ ਪੈਂਦੀ ਹੈ, ਇਸ ਲਈ ਨੌਜਵਾਨਾਂ ਨੂੰ ਹੁਣੇ ਤੋਂ ਹੀ ਯੋਗ ਨੂੰ ਆਪਣੀ ਦਿਨਚਰਿਆ ਦਾ ਹਿੱਸਾ ਬਣਾਉਣਾ ਚਾਹੀਦਾ ਹੈ।

**ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਯਤਨਾਂ ਸਦਕਾ ਵਿਸ਼ਵ ਮੰਚ 'ਤੇ ਸਥਾਪਿਤ ਹੋਇਆ ਯੋਗ**

ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਦੂਰਅੰਦੇਸ਼ੀ ਅਗਵਾਈ ਅਤੇ ਯਤਨਾਂ ਸਦਕਾ ਅੱਜ ਅੰਤਰਰਾਸ਼ਟਰੀ ਯੋਗ ਦਿਵਸ ਵਿਸ਼ਵ ਪੱਧਰ 'ਤੇ ਆਪਣੀ ਛਾਪ ਛੱਡ ਚੁੱਕਾ ਹੈ। ਉਨ੍ਹਾਂ ਨੇ ਦੱਸਿਆ ਕਿ ਸਾਲ 2014 ਵਿੱਚ ਸੰਯੁਕਤ ਰਾਸ਼ਟਰ ਮਹਾਸਭਾ ਵਿੱਚ ਪ੍ਰਧਾਨ ਮੰਤਰੀ ਵੱਲੋਂ ਦਿੱਤੇ ਗਏ ਪ੍ਰਸਤਾਵ ਨੂੰ ਰਿਕਾਰਡ 177 ਦੇਸ਼ਾਂ ਦਾ ਸਮਰਥਨ ਹਾਸਲ ਹੋਇਆ ਸੀ। ਅੱਜ 21 ਜੂਨ ਨੂੰ ਵਿਸ਼ਵ ਦੇ 200 ਤੋਂ ਵੱਧ ਦੇਸ਼ਾਂ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾਂਦਾ ਹੈ, ਜੋ ਭਾਰਤ ਲਈ ਮਾਣ ਵਾਲੀ ਗੱਲ ਹੈ।

ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਨੇ ਵਿਕਾਸ, ਸੁਸ਼ਾਸਨ ਅਤੇ ਲੋਕ ਭਲਾਈ ਦੇ ਖੇਤਰ ਵਿੱਚ ਨਵੇਂ ਕੀਰਤੀਮਾਨ ਸਥਾਪਿਤ ਕੀਤੇ ਹਨ। ਹਾਲ ਹੀ ਵਿੱਚ ਪ੍ਰਧਾਨ ਮੰਤਰੀ ਨੇ ਆਪਣੀ ਸਫਲ ਅਗਵਾਈ ਦੇ 12 ਸਾਲ ਪੂਰੇ ਕੀਤੇ ਹਨ ਅਤੇ ਦੇਸ਼ ਲਗਾਤਾਰ ਵਿਕਸਤ ਭਾਰਤ ਦੇ ਸੰਕਲਪ ਵੱਲ ਵਧ ਰਿਹਾ ਹੈ।

**ਨਾਰੀ ਸ਼ਕਤੀ ਅਤੇ ਨੌਜਵਾਨ ਸ਼ਕਤੀ ਵਿਕਸਤ ਭਾਰਤ ਦੀ ਅਧਾਰਸ਼ਿਲਾ**

ਵਿਕਾਸ ਅਤੇ ਪੰਚਾਇਤ ਮੰਤਰੀ ਨੇ ਕਿਹਾ ਕਿ ਔਰਤ ਸਿਰਫ਼ ਪਰਿਵਾਰ ਹੀ ਨਹੀਂ ਸਗੋਂ ਸਮਾਜ ਅਤੇ ਰਾਸ਼ਟਰ ਨਿਰਮਾਣ ਦੀ ਵੀ ਅਧਾਰਸ਼ਿਲਾ ਹੁੰਦੀ ਹੈ। ਜੇਕਰ ਔਰਤਾਂ ਤੰਦਰੁਸਤ, ਸਿੱਖਿਅਤ ਅਤੇ ਆਤਮ-ਵਿਸ਼ਵਾਸ ਨਾਲ ਭਰਪੂਰ ਹੋਣਗੀਆਂ ਤਾਂ ਪੂਰਾ ਸਮਾਜ ਮਜ਼ਬੂਤ ਹੋਵੇਗਾ। ਉਨ੍ਹਾਂ ਨੇ ਕਿਹਾ ਕਿ ਵਿਕਸਤ ਭਾਰਤ-2047 ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਵਿਜ਼ਨ ਨੂੰ ਸਾਕਾਰ ਕਰਨ ਵਿੱਚ ਦੇਸ਼ ਦੀਆਂ ਧੀਆਂ ਅਤੇ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ ਰਹੇਗੀ।

ਉਨ੍ਹਾਂ ਨੇ ਭਗਤ ਫੂਲ ਸਿੰਘ ਮਹਿਲਾ ਯੂਨੀਵਰਸਿਟੀ ਦੀਆਂ ਵਿਦਿਆਰਥਣਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸੰਸਥਾ ਮਹਿਲਾ ਸਿੱਖਿਆ ਅਤੇ ਸਸ਼ਕਤੀਕਰਨ ਦਾ ਇੱਕ ਮਹੱਤਵਪੂਰਨ ਕੇਂਦਰ ਬਣ ਚੁੱਕੀ ਹੈ ਅਤੇ ਇੱਥੋਂ ਪੜ੍ਹ ਕੇ ਨਿਕਲਣ ਵਾਲੀਆਂ ਧੀਆਂ ਦੇਸ਼ ਅਤੇ ਸਮਾਜ ਦਾ ਨਾਮ ਰੌਸ਼ਨ ਕਰ ਰਹੀਆਂ ਹਨ।

**'ਆਯੂਸ਼ ਵਿਭਾਗ ਅਤੇ ਵਿਆਯਾਮਸ਼ਾਲਾਵਾਂ ਨੂੰ ਮਜ਼ਬੂਤ ਕਰ ਰਹੀ ਹੈ ਸਰਕਾਰ'**

ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਸੂਬਾ ਸਰਕਾਰ ਯੋਗ ਅਤੇ ਆਯੂਸ਼ ਪ੍ਰਣਾਲੀ ਨੂੰ ਮਜ਼ਬੂਤ ??ਬਣਾਉਣ ਲਈ ਨਿਰੰਤਰ ਕਾਰਜ ਕਰ ਰਹੀ ਹੈ। ਇਸ ਦੇ ਲਈ ਆਯੂਸ਼ ਵਿਭਾਗ ਦੇ ਬਜਟ ਵਿੱਚ 135 ਕਰੋੜ ਰੁਪਏ ਦਾ ਪ੍ਰੋਵਿਜ਼ਨ ਕੀਤਾ ਗਿਆ ਹੈ।

ਉਨ੍ਹਾਂ ਨੇ ਦੱਸਿਆ ਕਿ ਸੂਬੇ ਭਰ ਦੇ ਲਗਭਗ 6500 ਪਿੰਡਾਂ ਵਿੱਚ ਵਿਆਯਾਮਸ਼ਾਲਾਵਾਂ ਸਥਾਪਿਤ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚੋਂ 883 ਵਿਆਯਾਮਸ਼ਾਲਾਵਾਂ ਦਾ ਨਿਰਮਾਣ ਕਾਰਜ ਪੂਰਾ ਹੋ ਚੁੱਕਾ ਹੈ। ਇਸ ਤੋਂ ਇਲਾਵਾ 859 ਆਯੂਸ਼ ਯੋਗ ਸਹਾਇਕਾਂ ਦੀ ਨਿਯੁਕਤੀ ਕੀਤੀ ਗਈ ਹੈ ਅਤੇ ਸੂਬੇ ਵਿੱਚ 397 ਆਯੂਸ਼ ਡਿਸਪੈਂਸਰੀਆਂ ਅਤੇ 109 ਉਪ-ਸਿਹਤ ਕੇਂਦਰ ਵੀ ਚਲਾਏ ਜਾ ਰਹੇ ਹਨ।

**'ਪਿੰਡ-ਪਿੰਡ ਵਿੱਚ ਬਣਨਗੀਆਂ ਅਟਲ ਈ-ਲਾਈਬ੍ਰੇਰੀਆਂ ਅਤੇ ਇੰਡੋਰ ਜਿਮ'**

ਵਿਕਾਸ ਅਤੇ ਪੰਚਾਇਤ ਮੰਤਰੀ ਨੇ ਦੱਸਿਆ ਕਿ ਸੂਬੇ ਦੀਆਂ 6225 ਗ੍ਰਾਮ ਪੰਚਾਇਤਾਂ ਵਿੱਚ ਨੌਜਵਾਨਾਂ ਅਤੇ ਵਿਦਿਆਰਥੀਆਂ ਲਈ ਅਟਲ ਈ-ਲਾਈਬ੍ਰੇਰੀਆਂ ਸਥਾਪਿਤ ਕਰਨ ਦੀ ਮੁਹਿੰਮ ਚਲਾਈ ਜਾ ਰਹੀ ਹੈ। ਇਨ੍ਹਾਂ ਲਾਈਬ੍ਰੇਰੀਆਂ ਵਿੱਚ ਕੰਪਿਊਟਰ, ਏਅਰ-ਕੰਡੀਸ਼ਨਡ ਸਟੱਡੀ ਰੂਮ, ਫਰਨੀਚਰ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀਆਂ ਕਿਤਾਬਾਂ ਉਪਲਬਧ ਕਰਵਾਈਆਂ ਜਾਣਗੀਆਂ, ਤਾਂ ਜੋ ਪੇਂਡੂ ਖੇਤਰ ਦੇ ਨੌਜਵਾਨਾਂ ਨੂੰ ਬਿਹਤਰ ਪੜ੍ਹਾਈ ਦੀਆਂ ਸਹੂਲਤਾਂ ਮਿਲ ਸਕਣ। ਉਨ੍ਹਾਂ ਨੇ ਯੂ.ਪੀ.ਐਸ.ਸੀ. ਦੇ ਨਤੀਜਿਆਂ ਵਿੱਚ ਹਰਿਆਣਾ ਦੇ 37 ਨੌਜਵਾਨਾਂ ਦੀ ਚੋਣ ਹੋਣ 'ਤੇ ਸਾਰਿਆਂ ਨੂੰ ਵਧਾਈ ਦਿੱਤੀ ਅਤੇ ਕਾਮਨਾ ਕੀਤੀ ਕਿ ਭਵਿੱਖ ਵਿੱਚ ਸੂਬੇ ਦੇ 37 ਤੋਂ ਵੀ ਵੱਧ ਬੱਚਿਆਂ ਦੀ ਚੋਣ ਯੂ.ਪੀ.ਐਸ.ਸੀ. ਵਿੱਚ ਹੋਵੇ। ਜਦੋਂ ਸਾਰੇ ਬੱਚੇ ਆਪਣਾ ਟੀਚਾ ਨਿਰਧਾਰਤ ਕਰਕੇ ਮਿਹਨਤ ਕਰਦੇ ਹਨ, ਤਾਂ ਸਫਲਤਾ ਜ਼ਰੂਰ ਹਾਸਲ ਹੁੰਦੀ ਹੈ।

ਉਨ੍ਹਾਂ ਨੇ ਕਿਹਾ ਕਿ ਪੇਂਡੂ ਨੌਜਵਾਨਾਂ ਅਤੇ ਔਰਤਾਂ ਨੂੰ ਫਿਟਨੈਸ ਲਈ ਪ੍ਰੇਰਿਤ ਕਰਨ ਵਾਸਤੇ ਪਿੰਡਾਂ ਵਿੱਚ ਇੰਡੋਰ ਜਿਮ ਸਥਾਪਿਤ ਕੀਤੇ ਜਾ ਰਹੇ ਹਨ। ਸਰਕਾਰ ਦਾ ਟੀਚਾ ਹੈ ਕਿ ਹਰੇਕ ਪਿੰਡ ਵਿੱਚ ਖੇਡਾਂ, ਸਿੱਖਿਆ ਅਤੇ ਸਿਹਤ ਨਾਲ ਜੁੜੀਆਂ ਆਧੁਨਿਕ ਸਹੂਲਤਾਂ ਉਪਲਬਧ ਕਰਵਾਈਆਂ ਜਾਣ।

**'ਧੀਆਂ ਟੀਚਾ ਨਿਰਧਾਰਤ ਕਰਨ, ਸਫਲਤਾ ਯਕੀਨੀ ਮਿਲੇਗੀ'**

ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨੇ ਵਿਦਿਆਰਥੀਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਟੀਚਾ ਨਿਰਧਾਰਤ ਕਰਨਾ ਬਹੁਤ ਜ਼ਰੂਰੀ ਹੈ। ਜੋ ਵਿਦਿਆਰਥੀ ਆਪਣੇ ਜੀਵਨ ਦਾ ਸਪਸ਼ਟ ਟੀਚਾ ਤੈਅ ਕਰ ਲੈਂਦੇ ਹਨ, ਉਹ ਯਕੀਨੀ ਤੌਰ 'ਤੇ ਸਫਲਤਾ ਪ੍ਰਾਪਤ ਕਰਦੇ ਹਨ। ਉਨ੍ਹਾਂ ਨੇ ਨੌਜਵਾਨਾਂ ਨੂੰ ਪੜ੍ਹਾਈ, ਖੇਡਾਂ ਅਤੇ ਯੋਗ ਦੇ ਮਾਧਿਅਮ ਰਾਹੀਂ ਆਪਣੀ ਸ਼ਖਸੀਅਤ ਦਾ ਵਿਕਾਸ ਕਰਨ ਦਾ ਸੱਦਾ ਦਿੱਤਾ।

ਇਸ ਮੌਕੇ 'ਤੇ ਵਿਧਾਇਕ ਪਵਨ ਖਰਖੌਦਾ ਨੇ ਕਿਹਾ ਕਿ ਯੋਗ ਭਾਰਤ ਦੀ ਪ੍ਰਾਚੀਨ ਸੰਸਕ੍ਰਿਤੀ ਦੀ ਅਮੁੱਲ ਵਿਰਾਸਤ ਹੈ, ਜੋ ਮਨੁੱਖ ਨੂੰ ਸਰੀਰਕ, ਮਾਨਸਿਕ ਅਤੇ ਅਧਿਆਤਮਿਕ ਤੌਰ 'ਤੇ ਤੰਦਰੁਸਤ ਬਣਾਉਣ ਦਾ ਕਾਰਜ ਕਰਦਾ ਹੈ।

ਉਨ੍ਹਾਂ ਨੇ ਕਿਹਾ ਕਿ ਅੱਜ ਦੀ ਭੱਜ-ਦੌੜ ਭਰੀ ਜੀਵਨ ਸ਼ੈਲੀ ਵਿੱਚ ਯੋਗ ਨੂੰ ਰੋਜ਼ਾਨਾ ਦੀ ਦਿਨਚਰਿਆ ਦਾ ਹਿੱਸਾ ਬਣਾਉਣਾ ਸਮੇਂ ਦੀ ਲੋੜ ਹੈ। ਯੋਗ ਨਾ ਕੇਵਲ ਵੱਖ-ਵੱਖ ਬੀਮਾਰੀਆਂ ਤੋਂ ਬਚਾਅ ਕਰਦਾ ਹੈ, ਸਗੋਂ ਸਕਾਰਾਤਮਕ ਸੋਚ, ਆਤਮ-ਵਿਸ਼ਵਾਸ ਅਤੇ ਮਾਨਸਿਕ ਸ਼ਾਂਤੀ ਵੀ ਪ੍ਰਦਾਨ ਕਰਦਾ ਹੈ। ਉਨ੍ਹਾਂ ਨੇ ਨੌਜਵਾਨਾਂ, ਔਰਤਾਂ ਅਤੇ ਸੀਨੀਅਰ ਨਾਗਰਿਕਾਂ ਨੂੰ ਨਿਯਮਿਤ ਤੌਰ 'ਤੇ ਯੋਗ ਅਪਣਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਤੰਦਰੁਸਤ ਵਿਅਕਤੀ ਹੀ ਤੰਦਰੁਸਤ ਪਰਿਵਾਰ, ਤੰਦਰੁਸਤ ਸਮਾਜ ਅਤੇ ਵਿਕਸਤ ਰਾਸ਼ਟਰ ਦੇ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ।

ਪ੍ਰੋਗਰਾਮ ਵਿੱਚ ਡਿਪਟੀ ਕਮਿਸ਼ਨਰ ਨੇਹਾ ਸਿੰਘ, ਭਗਤ ਫੂਲ ਸਿੰਘ ਮਹਿਲਾ ਯੂਨੀਵਰਸਿਟੀ ਦੀ ਵਾਈਸ ਚਾਂਸਲਰ ਪ੍ਰੋ. ਸੁਦੇਸ਼ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ, ਵਿਦਿਆਰਥੀ, ਔਰਤਾਂ ਅਤੇ ਵੱਡੀ ਗਿਣਤੀ ਵਿੱਚ ਨਾਗਰਿਕ ਮੌਜੂਦ ਸਨ।

## ਅਬੋਹਰ 'ਚ ਗਰਜੇ ਹਰਿਆਣਾ ਦੇ ਸੀਐਮ; ਆਪ ਸਰਕਾਰ 'ਤੇ ਸੇਧੇ ਤਿੱਖੇ ਨਿਸ਼ਾਨੇ



**ਅਬੋਹਰ, 13 ਜੂਨ**
**- ਸ਼.ਅ.ਬਿਓਰੋ-**

ਹਾਲ ਹੀ ਵਿੱਚ ਸੁਨੀਲ ਜਾਖੜ ਨੂੰ ਪੰਜਾਬ ਭਾਜਪਾ ਪ੍ਰਧਾਨ ਦੇ ਅਹੁਦੇ ਤੋਂ ਹਟਾਏ ਜਾਣ ਮਗਰੋਂ ਜਾਖੜ ਪਰਿਵਾਰ ਨੇ ਸ਼ਨਿੱਚਰਵਾਰ ਨੂੰ ਅਬੋਹਰ ਵਿੱਚ ਹੋਏ ÷ਸਰਵ ਸਮਾਜ ਓ ਬੀ ਸੀ ਸੰਮੇਲਨ÷ ਦੌਰਾਨ ਆਪਣੇ ਰਵਾਇਤੀ ਗੜ੍ਹ ਵਿੱਚ ਮੁੜ ਦਬਦਬਾ ਸਾਬਤ ਕਰਨ ਦੀ ਕੋਸ਼ਿਸ਼ ਕੀਤੀ। ਇਸ ਪ੍ਰੋਗਰਾਮ ਦੀ ਅਗਵਾਈ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਪੰਜਾਬ ਭਾਜਪਾ ਦੇ ਨਵੇਂ ਬਣੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕੀਤੀ। ਇਸ ਇਕੱਠ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਿਰਕਤ ਕੀਤੀ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਸੈਣੀ ਨੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ @ਤੇ ਤਿੱਖੇ ਨਿਸ਼ਾਨੇ ਸੇਧੇ ਅਤੇ @ਆਪ@ ਦੇ ਸ਼ਾਸਨ ਨੂੰ ÷ਡਰਾਮਾ÷ ਕਰਾਰ ਦਿੱਤਾ। ਉਨ੍ਹਾਂ ਦੋਸ਼ ਲਾਇਆ ਕਿ ਭਾਵੇਂ ਟੈਲੀਵਿਜ਼ਨ ਚੈਨਲਾਂ, ਅਖ਼ਬਾਰਾਂ ਅਤੇ ਸੋਸ਼ਲ ਮੀਡੀਆ @ਤੇ ਅਕਸਰ ਸੂਬੇ ਵਿੱਚ ਤਰੱਕੀ ਅਤੇ ਖੁਸ਼ਹਾਲੀ ਦਾ ਅਕਸ ਪੇਸ਼ ਕੀਤਾ ਜਾਂਦਾ ਹੈ, ਪਰ ਜ਼ਮੀਨੀ ਹਕੀਕਤ ਇੱਕ ਭਿਆਨਕ ਤਸਵੀਰ ਬਿਆਨ ਕਰਦੀ ਹੈ।

ਸੈਣੀ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਆਪਣੇ ਆਪ ਫ਼ੈਸਲੇ ਨਹੀਂ ਲੈ ਰਹੀ, ਸਗੋਂ ਇਸ ਨੂੰ ਦਿੱਲੀ ਵਿੱਚ ਬੈਠੇ @ਆਪ@ ਆਗੂ ਚਲਾ ਰਹੇ ਹਨ।

ਭਾਜਪਾ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਹ ÷ਸਰਵ ਸਮਾਜ ਓ ਬੀ ਸੀ ਸੰਮੇਲਨ÷ ਕਰਵਾਇਆ ਹੈ। ਇਸ ਦਾ ਮਕਸਦ ਇਲਾਕੇ ਵਿੱਚ ਰਹਿਣ ਵਾਲੇ ਬਾਗੜੀ, ਹਿੰਦੀ ਅਤੇ ਪੰਜਾਬੀ ਬੋਲਣ ਵਾਲੇ ਵੱਡੀ ਗਿਣਤੀ ਓ.ਬੀ.ਸੀ. ਭਾਈਚਾਰੇ ਦੇ ਲੋਕਾਂ ਤੱਕ ਆਪਣੀ ਪਹੁੰਚ ਵਧਾਉਣਾ ਹੈ। ਇੱਥੇ ਇਹ ਵੀ ਦੱਸਣਯੋਗ ਹੈ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਖ਼ੁਦ ਵੀ ਓ ਬੀ ਸੀ ਭਾਈਚਾਰੇ ਵਿੱਚੋਂ ਹੀ ਆਉਂਦੇ ਹਨ।ਉੱਥੇ ਹੀ ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਇੱਕ ਨਵਾਂ ਨਾਅਰਾ ÷ਸਭਕਾ ਸਾਥ, ਸਭਕਾ ਵਿਕਾਸ, ਸਭਕਾ ਹਿਸਾਬ÷ ਦਿੱਤਾ।

ਉਨ੍ਹਾਂ ਨੇ ਕਥਿਤ ਭ੍ਰਿਸ਼ਟਾਚਾਰ, ਭਾਜਪਾ ਵਰਕਰਾਂ ਨੂੰ ਤੰਗ-ਪਰੇਸ਼ਾਨ ਕਰਨ ਅਤੇ ਉਨ੍ਹਾਂ @ਤੇ ਝੂਠੇ ਮੁਕੱਦਮੇ ਦਰਜ ਕਰਨ ਦੇ ਮੁੱਦੇ ਚੁੱਕੇ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਦੇ ਲੋਕ ਇੱਥੋਂ @ਆਪ@ ਸਰਕਾਰ ਨੂੰ ਉਸੇ ਤਰ੍ਹਾਂ ਚਲਦਾ ਕਰ ਦੇਣਗੇ, ਜਿਵੇਂ ਹਾਲ ਹੀ ਵਿੱਚ ਬੰਗਾਲ ਦੇ ਲੋਕਾਂ ਨੇ ਮਮਤਾ ਬੈਨਰਜੀ ਨੂੰ ਨਕਾਰ ਦਿੱਤਾ ਹੈ।

ਆਪਣੇ ਚਚੇਰੇ ਭਰਾ ਅਤੇ ਅਬੋਹਰ ਦੇ ਵਿਧਾਇਕ ਸੰਦੀਪ ਜਾਖੜ ਵੱਲੋਂ ਅਬੋਹਰ ਵਿੱਚ ਮੈਡੀਕਲ ਕਾਲਜ ਸਥਾਪਤ ਕਰਨ ਦੀ ਉਠਾਈ ਗਈ ਮੰਗ @ਤੇ ਸੁਨੀਲ ਜਾਖੜ ਨੇ ਐਲਾਨ ਕੀਤਾ ਕਿ ਉਹ ਇਸ ਪ੍ਰੋਜੈਕਟ ਲਈ ਆਪਣੀ ਨਿੱਜੀ ਜ਼ਮੀਨ ਦਾਨ ਕਰਨਗੇ।

ਉੱਥੇ ਹੀ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਦੋਸ਼ ਲਾਇਆ ਕਿ ਕੇਂਦਰ ਵੱਲੋਂ ਦਿੱਤੇ ਫੰਡਾਂ ਦੀ ਪੰਜਾਬ ਸਰਕਾਰ ਵੱਲੋਂ ਦੁਰਵਰਤੋਂ ਕੀਤੀ ਗਈ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕੇਂਦਰ ਨੇ ਪੰਜਾਬ ਨੂੰ 4.13 ਲੱਖ ਕਰੋੜ ਰੁਪਏ ਜਾਰੀ ਕੀਤੇ ਸਨ ਪਰ ਸਵਾਲ ਉਠਾਇਆ ਕਿ ਇਹ ਪੈਸਾ ਕਿੱਥੇ ਖ਼ਰਚ ਕੀਤਾ ਗਿਆ। ਢਿੱਲੋਂ ਨੇ ਇਹ ਮੰਗ ਵੀ ਕੀਤੀ ਕਿ ਪੰਜਾਬ ਸਰਕਾਰ ਹਰਿਆਣਾ ਦੀ ਤਰਜ਼ @ਤੇ 24 ਫ਼ਸਲਾਂ @ਤੇ ਘੱਟੋ-ਘੱਟ ਸਮਰਥਨ ਮੁੱਲ (MSP) ਪ੍ਰਦਾਨ ਕਰੇ।

## ਭਾਜਪਾ ਵੱਲੋਂ 4.13 ਲੱਖ ਕਰੋੜ ਦਾ ਹਿਸਾਬ ਦੇ ਕੇ ਆਪ ਸਰਕਾਰ ਨੂੰ ਘੇਰਨ ਦੀ ਕੋਸ਼ਿਸ਼

**ਚੰਡੀਗੜ੍ਹ, 13 ਜੂਨ**
**-ਸੰਜੀਵ ਸ਼ਰਮਾ-**

ਪੰਜਾਬ ਭਾਜਪਾ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ 12 ਸਾਲਾਂ ਦੌਰਾਨ ਦਿੱਤੇ 4.13 ਲੱਖ ਕਰੋੜ ਦੀ ਰਾਸ਼ੀ ਅਤੇ ਕੇਂਦਰੀ ਪ੍ਰਾਜੈਕਟਾਂ ਦਾ ਪਹਿਲੀ ਵਾਰ ਖ਼ਾਕਾ ਨਸ਼ਰ ਕੀਤਾ। 'ਆਪ' ਸਰਕਾਰ ਚਾਰ ਵਰ੍ਹਿਆਂ ਤੋਂ ਲਗਾਤਾਰ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਫੰਡ ਰੋਕਣ ਦੇ ਦਾਅਵੇ ਕਰ ਰਹੀ ਹੈ, ਜਿਸ ਦੇ ਜੁਆਬ ਵਜੋਂ ਅੱਜ ਭਾਜਪਾ ਨੇ ਪੰਜਾਬ 'ਚ ਹੋਏ ਕੇਂਦਰੀ ਕੰਮਾਂ ਅਤੇ ਜਾਰੀ ਵਿੱਤੀ ਸਹਾਇਤਾ ਦਾ ਵਿਸਥਾਰ ਪੇਸ਼ ਕੀਤਾ।

ਪੰਜਾਬ ਭਾਜਪਾ ਦੇ ਨਵੇਂ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਮੋਦੀ ਸਰਕਾਰ ਦੇ 12 ਸਾਲ ਮੁਕੰਮਲ ਹੋਣ 'ਤੇ ਅੱਜ ਇੱਥੇ ਸਮਾਗਮ ਰੱਖੇ ਸਨ। ਪ੍ਰਧਾਨ ਨੇ 12 ਵਰ੍ਹਿਆਂ ਦੌਰਾਨ ਪੰਜਾਬ ਨੂੰ ਕੇਂਦਰ ਸਰਕਾਰ ਤੋਂ ਮਿਲੇ ਟੈਕਸਾਂ ਦੇ ਹਿੱਸੇ, ਗ੍ਰਾਂਟ-ਇਨ-ਏਡ, ਕੇਂਦਰੀ ਕਰਜ਼ੇ ਅਤੇ ਜੀ ਐੱਸ ਟੀ ਮੁਆਵਜ਼ੇ ਤੋਂ ਇਲਾਵਾ ਕੇਂਦਰੀ ਪ੍ਰਾਜੈਕਟਾਂ ਦਾ ਜ਼ਿਕਰ ਕੀਤਾ। ਉਨ੍ਹਾਂ ਅੱਜ ਪੰਜਾਬੀਆਂ ਅੱਗੇ ਕੇਂਦਰੀ ਫੰਡਾਂ ਦਾ ਹਿਸਾਬ ਕਿਤਾਬ ਰੱਖ ਕੇ ਇਹ ਦੱਸਣ ਦੀ ਕੋਸ਼ਿਸ਼ ਕੀਤੀ ਕਿ ਕੇਂਦਰ ਨੇ ਪੰਜਾਬ ਨੂੰ ਖੁੱਲ੍ਹੇ ਦਿਲ ਨਾਲ ਫੰਡ ਦਿੱਤੇ ਹਨ।

ਪੰਜਾਬ ਦੇ ਲੋਕ ਇਨ੍ਹਾਂ ਕੇਂਦਰੀ ਫੰਡਾਂ ਦੇ ਤੱਥਾਂ ਵੱਲ ਵੇਖਣ, ਨਾ ਕਿ ਸਿਆਸੀ ਧਿਰਾਂ ਵੱਲੋਂ ਕੀਤੇ ਜਾ ਰਹੇ ਕੂੜ ਪ੍ਰਚਾਰ ਵੱਲ। ਪੰਜਾਬ ਲਈ ਕੀਤੇ ਕੰਮਾਂ ਬਾਰੇ ਵੀਡੀਓ ਫਿਲਮ ਵੀ ਦਿਖਾਈ ਗਈ। ਮੁੱਖ ਮੰਤਰੀ ਭਗਵੰਤ ਮਾਨ ਹਰ ਸਟੇਜ ਤੋਂ ਕੇਂਦਰ ਸਰਕਾਰ ਵੱਲੋਂ ਸੂਬੇ ਦੇ ਦਿਹਾਤੀ ਵਿਕਾਸ ਫੰਡ ਅਤੇ ਕੌਮੀ ਸਿਹਤ ਮਿਸ਼ਨ ਦੇ ਫੰਡ ਰੋਕਣ ਦੀ ਚਰਚਾ ਕਰਦੇ ਹਨ। ਕੇਂਦਰ ਦੀ ਨੀਅਤ ਨੂੰ ਪੰਜਾਬ ਦੇ ਵਿਕਾਸ 'ਚ ਅੜਿੱਕੇ ਵਾਲੀ ਐਲਾਨਦੇ ਹਨ।

ਪਤਾ ਲੱਗਿਆ ਹੈ ਕਿ 'ਆਪ' ਸਰਕਾਰ ਹੁਣ ਚਾਰ ਸਾਲਾਂ ਦੌਰਾਨ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਰੋਕੇ ਫੰਡਾਂ ਅਤੇ ਪ੍ਰਾਜੈਕਟਾਂ ਦਾ ਵੇਰਵਾ ਤਿਆਰ ਕਰ ਰਹੀ ਹੈ ਤਾਂ ਜੋ ਭਾਜਪਾ ਦੇ ਦਾਅਵੇ ਦਾ ਢੁਕਵਾਂ ਜੁਆਬ ਦਿੱਤਾ ਜਾ ਸਕੇ। ਪੰਜਾਬ ਕਾਂਗਰਸ ਵੀ ਵਿਕਾਸ ਫੰਡਾਂ ਅਤੇ ਪ੍ਰਾਜੈਕਟਾਂ ਬਾਰੇ ਜਿੱਥੇ ਕੇਂਦਰ ਨੂੰ ਨਿਸ਼ਾਨੇ 'ਤੇ ਲੈਂਦੀ ਰਹੀ ਹੈ।

ਭਾਜਪਾ ਨੇ ਪੱਛਮੀ ਬੰਗਾਲ ਮਗਰੋਂ ਪੰਜਾਬ 'ਚ ਆਪਣੀ ਸਿਆਸੀ ਸਰਗਰਮੀ ਨੂੰ ਤੇਜ਼ ਕਰ ਦਿੱਤਾ ਹੈ। ਭਾਜਪਾ ਹੁਣ ਪੰਜਾਬ ਦੇ ਲੋਕ ਮਨਾਂ 'ਚ ਭਗਵਾਂ ਪਾਰਟੀ ਪ੍ਰਤੀ ਖਟਾਸ ਨੂੰ ਦੂਰ

## ਕੇਂਦਰੀ ਅਤੇ ਸੂਬਾਈ ਏਜੰਸੀਆਂ ਨੂੰ ਸ਼ਿਕਾਇਤ



**ਚੰਡੀਗੜ੍ਹ, 13 ਜੂਨ**
**-ਸੰਜੀਵ ਸ਼ਰਮਾ-**

ਮੁਹਾਲੀ ਦੇ ਪਿੰਡ ਮੌਲੀ ਬੈਦਵਾਣ ਦੀ ਪੰਚਾਇਤੀ ਜ਼ਮੀਨ ਕਥਿਤ ਤੌਰ 'ਤੇ ਗੈਰ-ਕਾਨੂੰਨੀ ਢੰਗ ਨਾਲ ਪ੍ਰਾਈਵੇਟ ਬਿਲਡਰ ਨੂੰ ਵੇਚਣ ਦਾ ਮਾਮਲਾ ਭਖ਼ ਗਿਆ ਹੈ। ਪਿੰਡ ਦੀ ਪੰਚਾਇਤ ਭੰਗ ਹੋਣ ਅਤੇ ਨਗਰ ਨਿਗਮ ਮੁਹਾਲੀ ਦੇ ਅਧਿਕਾਰ ਖੇਤਰ ਵਿੱਚ ਸ਼ਾਮਲ ਹੋਣ ਦੇ ਬਾਵਜੂਦ ਕਰੋੜਾਂ ਰੁਪਏ ਦੀ ਇਸ ਜ਼ਮੀਨ ਦੀ ਰਜਿਸਟਰੀ ਬਿਲਡਰ ਦੇ ਨਾਮ ਕਰ ਦਿੱਤੀ ਗਈ। ਪਿੰਡ ਵਾਸੀਆਂ ਨੇ ਕੇਂਦਰੀ ਤੇ ਸੂਬਾਈ ਜਾਂਚ ਏਜੰਸੀਆਂ ਦੇ ਉੱਚ ਅਧਿਕਾਰੀਆਂ ਨੂੰ ਲਿਖਤੀ ਸ਼ਿਕਾਇਤ ਭੇਜ ਕੇ ਤੁਰੰਤ ਕਾਰਵਾਈ ਦੀ ਮੰਗ ਕੀਤੀ ਹੈ। ਪਿੰਡ ਦੇ ਮੋਹਤਬਰਾਂ ਵਿੱਚੋਂ ਭਗਤ ਸਿੰਘ, ਰਣਜੀਤ ਸਿੰਘ, ਗੁਰਦੀਪ ਸਿੰਘ ਅਤੇ ਹਰਜਿੰਦਰ ਸਿੰਘ ਚੇਤੂ ਦੀ ਅਗਵਾਈ ਹੇਠ ਸੈਂਕੜੇ ਪਿੰਡ ਵਾਸੀਆਂ ਨੇ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਪਿੰਡ ਮੌਲੀ ਬੈਦਵਾਣ ਦੀ ਪੰਚਾਇਤ ਕਈ ਮਹੀਨੇ ਪਹਿਲਾਂ ਨਗਰ ਨਿਗਮ ਵਿੱਚ ਸ਼ਾਮਲ ਹੋਣ ਕਾਰਨ ਕਾਨੂੰਨੀ ਤੌਰ 'ਤੇ ਭੰਗ ਹੋ ਚੁੱਕੀ ਸੀ। ਨਿਯਮਾਂ ਮੁਤਾਬਕ ਪੰਚਾਇਤ ਕੋਲ ਕਿਸੇ ਵੀ ਤਰ੍ਹਾਂ ਦਾ ਫੈਸਲਾ ਲੈਣ ਜਾਂ ਜ਼ਮੀਨ ਵੇਚਣ ਦਾ ਕੋਈ ਅਧਿਕਾਰ ਨਹੀਂ ਰਹਿ ਗਿਆ ਸੀ। ਇਸ ਦੇ ਬਾਵਜੂਦ ਕਥਿਤ ਤੌਰ 'ਤੇ ਸਰਕਾਰੀ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਪਿੰਡ ਦੀ 3 ਕਨਾਲ 15 ਮਰਲੇ ਕੀਮਤੀ ਜ਼ਮੀਨ ਦੀ ਰਜਿਸਟਰੀ 14 ਕਰੋੜ 40 ਲੱਖ ਰੁਪਏ ਵਿੱਚ ਇੱਕ ਨਿੱਜੀ ਬਿਲਡਰ ਦੇ ਹੱਕ ਵਿੱਚ ਕਰਵਾ ਦਿੱਤੀ ਗਈ।

ਪਿੰਡ ਵਾਸੀਆਂ ਅਤੇ ਸਥਾਨਕ ਆਗੂਆਂ ਨੇ ਮੰਗ ਕੀਤੀ ਕਿ ਇਸ ਪੂਰੇ ਮਾਮਲੇ ਦੀ ਜਾਂਚ ਰੁਪਏ ਦੀ ਇਸ ਜ਼ਮੀਨ ਦੀ ਰਜਿਸਟਰੀ ਬਿਲਡਰ ਦੇ ਨਾਮ ਕਰ ਦਿੱਤੀ ਗਈ। ਪਿੰਡ ਵਾਸੀਆਂ ਨੇ ਕੇਂਦਰੀ ਤੇ ਸੂਬਾਈ ਜਾਂਚ ਏਜੰਸੀਆਂ ਦੇ ਉੱਚ ਅਧਿਕਾਰੀਆਂ ਨੂੰ ਲਿਖਤੀ ਸ਼ਿਕਾਇਤ ਭੇਜ ਕੇ ਤੁਰੰਤ ਕਾਰਵਾਈ ਦੀ ਮੰਗ ਕੀਤੀ ਹੈ। ਪਿੰਡ ਦੇ ਮੋਹਤਬਰਾਂ ਵਿੱਚੋਂ ਭਗਤ ਸਿੰਘ, ਰਣਜੀਤ ਸਿੰਘ, ਗੁਰਦੀਪ ਸਿੰਘ ਅਤੇ ਹਰਜਿੰਦਰ ਸਿੰਘ ਚੇਤੂ ਦੀ ਅਗਵਾਈ ਹੇਠ ਸੈਂਕੜੇ ਪਿੰਡ ਵਾਸੀਆਂ ਨੇ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਪਿੰਡ ਮੌਲੀ ਬੈਦਵਾਣ ਦੀ ਪੰਚਾਇਤ ਕਈ ਮਹੀਨੇ ਪਹਿਲਾਂ ਨਗਰ ਨਿਗਮ ਵਿੱਚ ਸ਼ਾਮਲ ਹੋਣ ਕਾਰਨ ਕਾਨੂੰਨੀ ਤੌਰ 'ਤੇ ਭੰਗ ਹੋ ਚੁੱਕੀ ਸੀ। ਨਿਯਮਾਂ ਮੁਤਾਬਕ ਪੰਚਾਇਤ ਕੋਲ ਕਿਸੇ ਵੀ ਤਰ੍ਹਾਂ ਦਾ ਫੈਸਲਾ ਲੈਣ ਜਾਂ ਜ਼ਮੀਨ ਵੇਚਣ ਦਾ ਕੋਈ ਅਧਿਕਾਰ ਨਹੀਂ ਰਹਿ ਗਿਆ ਸੀ।ਕੇਂਦਰੀ ਅਤੇ ਸੂਬੇ ਦੀਆਂ ਉੱਚ ਪੱਧਰੀ ਜਾਂਚ ਏਜੰਸੀਆਂ ਤੋਂ ਕਰਵਾਈ ਜਾਵੇ।

## (ਕਿਸਾਨ ਉਤਪਾਦਕ ਸੰਗਠਨ) ਮਿਸ਼ਨ ਅਤੇ ਹਰਿਆਣਾ ਬਾਗਬਾਨੀ ਨੀਤੀ 'ਤੇ ਕੇਂਦਰਿਤ ਰਾਜ ਪੱਧਰੀ ਵਰਕਸ਼ਾਪ ਆਯੋਜਿਤ

**ਚੰਡੀਗੜ੍ਹ, 13 ਜੂਨ**
**-ਸੰਜੀਵ ਸ਼ਰਮਾ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਹਰਿਆਣਾ ਵੈਸੇ ਤਾਂ ਪਹਿਲਾਂ ਹੀ ਖੇਤੀਬਾੜੀ ਅਤੇ ਬਾਗਬਾਨੀ ਦੇ ਖੇਤਰਾਂ ਵਿੱਚ ਇੱਕ ਮੋਹਰੀ ਰਾਜ ਹੈ ਅਤੇ ਹੁਣ ਇਹ ਉੱਚ ਗੁਣਵੱਤਾ ਵਾਲੇ ਪ੍ਰਮਾਣਿਤ ਬੀਜ ਆਲੂ ਦੇ ਉਤਪਾਦਨ ਲਈ ਇੱਕ ਨੈਸ਼ਨਲ-ਹੱਬ ਬਣਨ ਦੀ ਦਿਸ਼ਾ ਵਿੱਚ ਕੰਮ ਕਰ ਰਿਹਾ ਹੈ।

ਉਹ ਅੱਜ ਇੱਥੇ ਹਰਿਆਣਾ ਦੇ ਬਾਗਬਾਨੀ ਵਿਭਾਗ ਵੱਲੋਂ ÷ਹਰਿਆਣਾ ਟਿਸ਼ੂ ਕਲਚਰ-ਅਧਾਰਤ ਬੀਜ ਆਲੂ ਐਕਟ, 2026,÷ ਐਫ.ਪੀ.ਓ. (ਕਿਸਾਨ ਉਤਪਾਦਕ ਸੰਗਠਨ) ਮਿਸ਼ਨ ਅਤੇ ਹਰਿਆਣਾ ਬਾਗਬਾਨੀ ਨੀਤੀ 'ਤੇ ਕੇਂਦਰਿਤ ਇੱਕ ਰਾਜ ਪੱਧਰੀ ਵਰਕਸ਼ਾਪ ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ।

ਇਸ ਮੌਕੇ 'ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਵਿਜੇਂਦਰ ਕੁਮਾਰ, ਬਾਗਬਾਨੀ ਡਾਇਰੈਕਟੋਰੇਟ ਦੇ ਵਿਭਾਗ ਮੁਖੀ ਸ੍ਰੀ ਅਰਜੁਨ ਸੈਣੀ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ, ਵਿਗਿਆਨੀ, ਉਦਯੋਗ ਜਗਤ ਦੇ ਨੁਮਾਇੰਦੇ, ਐਫ.ਪੀ.ਓ. ਨੁਮਾਇੰਦੇ, ਅਗਾਂਹਵਧੂ ਕਿਸਾਨ ਅਤੇ ਬੀਜ ਆਲੂ ਉਤਪਾਦਕ ਮੌਜੂਦ ਸਨ।

ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਪ੍ਰਸਤਾਵਿਤ ਹਰਿਆਣਾ ਟਿਸ਼ੂ ਕਲਚਰ-ਅਧਾਰਤ ਬੀਜ ਆਲੂ ਐਕਟ, 2026 ਰਾਜ ਵਿੱਚ ਬੀਮਾਰੀ-ਮੁਕਤ, ਉੱਚ ਗੁਣਵੱਤਾ ਵਾਲੇ ਅਤੇ ਟ੍ਰੇਸ ਕਰਨ ਯੋਗ ਬੀਜ ਆਲੂ ਦੇ ਉਤਪਾਦਨ ਨੂੰ ਉਤਸ਼ਾਹਿਤ ਕਰੇਗਾ, ਜਿਸ ਨਾਲ ਕਿਸਾਨਾਂ ਨੂੰ ਬਿਹਤਰ ਮੁੱਲ ਮਿਲਣ ਦੇ ਨਾਲ-ਨਾਲ ਨਵੇਂ ਬਾਜ਼ਾਰਾਂ ਤੱਕ ਪਹੁੰਚ ਵੀ ਯਕੀਨੀ ਹੋਵੇਗੀ।

ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਦੇਸ਼ ਭਰ ਵਿੱਚ ਗੁਣਵੱਤਾ ਭਰਪੂਰ ਬੀਜ ਆਲੂ ਦੀ ਮੰਗ ਲਗਾਤਾਰ ਵੱਧ ਰਹੀ ਹੈ, ਪਰ ਇਸ ਦੀ ਉਪਲਬਧਤਾ ਅਜੇ ਵੀ ਸੀਮਤ ਹੈ। ਇਸ ਪ੍ਰਸਤਾਵਿਤ ਐਕਟ ਦਾ ਉਦੇਸ਼ ਟਿਸ਼ੂ ਕਲਚਰ, ਐਰੋਪੋਨਿਕਸ ਅਤੇ ਹੋਰ ਆਧੁਨਿਕ ਤਕਨੀਕਾਂ ਦੀ ਵਰਤੋਂ ਕਰਕੇ ਬੀਜ ਆਲੂ ਉਤਪਾਦਨ ਲਈ ਇੱਕ ਵਿਗਿਆਨਕ ਪ੍ਰਣਾਲੀ ਸਥਾਪਿਤ ਕਰਨਾ ਹੈ, ਜਿਸ ਨਾਲ ਪ੍ਰਮਾਣਿਤ ਬੀਜ ਉਤਪਾਦਨ ਅਤੇ ਮੰਡੀਕਰਨ ਵਿੱਚ ਕਿਸਾਨਾਂ ਲਈ ਨਵੇਂ ਮੌਕੇ ਪੈਦਾ ਹੋਣਗੇ।

ਵਰਕਸ਼ਾਪ ਦੌਰਾਨ ਅਧਿਕਾਰੀਆਂ ਅਤੇ ਮਾਹਰਾਂ ਨੇ ਦੱਸਿਆ ਕਿ ਹਰਿਆਣਾ ਵਿੱਚ ਲਗਭਗ 33,000 ਹੈਕਟੇਅਰ ਰਕਬੇ ਵਿੱਚ ਆਲੂ ਦੀ ਖੇਤੀ ਕੀਤੀ ਜਾਂਦੀ ਹੈ ਅਤੇ ਰਾਜ ਵਿੱਚ ਬੀਜ ਆਲੂ ਉਤਪਾਦਨ ਦੀਆਂ ਅਪਾਰ ਸੰਭਾਵਨਾਵਾਂ ਹਨ।

ਇਸ ਪ੍ਰਸਤਾਵਿਤ ਐਕਟ ਦੇ ਲਾਗੂ ਹੋਣ ਤੋਂ ਬਾਅਦ, ਰਾਜ ਵਿੱਚ ਸ਼ੁਰੂਆਤੀ ਸਾਲਾਂ ਦੇ ਅੰਦਰ ਹੀ ਲਗਭਗ 10 ਲੱਖ ਕੁਇੰਟਲ ਪ੍ਰਮਾਣਿਤ ਬੀਜ ਆਲੂ ਉਤਪਾਦਨ ਕਰਨ ਦੀ ਸਮਰੱਥਾ ਵਿਕਸਤ ਹੋ ਸਕਦੀ ਹੈ; ਇਸ ਨਾਲ ਨਾ ਸਿਰਫ਼ ਰਾਜ ਦੀਆਂ ਆਪਣੀਆਂ ਲੋੜਾਂ ਪੂਰੀਆਂ ਹੋਣਗੀਆਂ, ਸਗੋਂ ਹੋਰਨਾਂ ਰਾਜਾਂ ਨੂੰ ਵੀ ਗੁਣਵੱਤਾ ਭਰਪੂਰ ਬੀਜਾਂ ਦੀ ਸਪਲਾਈ ਕੀਤੀ ਜਾ ਸਕੇਗੀ।

ਇਸ ਵਰਕਸ਼ਾਪ ਵਿੱਚ ਐਫ.ਪੀ.ਓ. ਮਿਸ਼ਨ 'ਤੇ ਵੀ ਵਿਸਥਾਰਪੂਰਵਕ ਚਰਚਾ ਕੀਤੀ ਗਈ। ਮਾਹਰਾਂ ਨੇ ਸਮਝਾਇਆ ਕਿ ਸਮੂਹਿਕ ਮੰਡੀਕਰਨ, ਪ੍ਰੋਸੈਸਿੰਗ (ਪ੍ਰਸੰਸਕਰਨ), ਭੰਡਾਰਨ ਅਤੇ ਵੈਲਿਊ ਐਡੀਸ਼ਨ (ਮੁੱਲ ਵਾਧਾ) ਵਰਗੀਆਂ ਸਹੂਲਤਾਂ ਪ੍ਰਦਾਨ ਕਰਕੇ ਕਿਸਾਨਾਂ ਦੀ ਆਮਦਨ ਵਧਾਉਣ ਵਿੱਚ ਐਫ.ਪੀ.ਓ. ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਰਾਜ ਸਰਕਾਰ ਐਫ.ਪੀ.ਓਜ਼ ਨੂੰ ਮਜ਼ਬੂਤ ਕਰਨ ਅਤੇ ਉਨ੍ਹਾਂ ਨੂੰ ਖੇਤੀਬਾੜੀ ਕਾਰੋਬਾਰ ਨਾਲ ਜੋੜਨ ਲਈ ਵੱਖ-ਵੱਖ ਸਕੀਮਾਂ ਰਾਹੀਂ ਸਹਾਇਤਾ ਪ੍ਰਦਾਨ ਕਰ ਰਹੀ ਹੈ।

ਇਸ ਤੋਂ ਇਲਾਵਾ, ਆਧੁਨਿਕ ਬਾਗਬਾਨੀ, ਸੁਰੱਖਿਅਤ ਖੇਤੀ, ਉੱਚ ਮੁੱਖ ਵਾਲੀਆਂ ਫ਼ਸਲਾਂ ਅਤੇ ਨਿਰਯਾਤ-ਮੁਖੀ ਉਤਪਾਦਨ ਨੂੰ ਉਤਸ਼ਾਹਿਤ ਕਰਨ ਲਈ ਹਰਿਆਣਾ ਬਾਗਬਾਨੀ ਨੀਤੀ ਤਹਿਤ ਕਿਸਾਨਾਂ ਨੂੰ ਮਿਲਣ ਵਾਲੀਆਂ ਰਿਆਇਤਾਂ ਅਤੇ ਸਹੂਲਤਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।











